ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਵੀਰਵਾਰ, 23 ਅਕਤੂਬਰ 2025 (ਨਾਨਕਸ਼ਾਹੀ ਸੰਮਤ : ੫੫੭, ੭ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

Exclusive News

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਤਿਸ਼ਬਾਜ਼ੀ ਦਾ ਅਲੌਕਿਕ ਨਜ਼ਾਰਾ, ਜਗਾਏ ਗਏ 1 ਲੱਖ ਘਿਓ ਦੇ ਦੀਵੇ

**ਅੰਮ੍ਰਿਤਸਰ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਅੰਮ੍ਰਿਤਸਰ ਸਥਿਤ ਸ੍ਰੀ ਹਰਿਮੰਦਰ ਸਾਹਿਬ ਵਿਖੇ ਬੰਦੀ ਛੋੜ ਦਿਵਸ ਮਨਾਇਆ ਗਿਆ ਹੈ। ਪਵਿੱਤਰ ਸਰੋਵਰ ਦੇ ਆਲੇ-ਦੁਆਲੇ ਮੋਮਬੱਤੀਆਂ ਦੇ ਨਾਲ-ਨਾਲ 1 ਲੱਖ ਘਿਓ ਦੇ ਦੀਵੇ ਜਗਾਏ ਗਏ ਹਨ। ਸ੍ਰੀ ਹਰਿਮੰਦਰ ਸਾਹਿਬ ਵਿਖੇ ਆਤਿਸ਼ਬਾਜ਼ੀ ਦਾ ਅਲੌਕਿਕ ਨਜ਼ਾਰਾ ਦੇਖਣ ਨੂੰ ਮਿਲਿਆ। ਪ੍ਰਦੂਸ਼ਣ ਨੂੰ ਦੇਖਦੇ ਹੋਏ ਗ੍ਰੀਨ ਆਤਿਸ਼ਬਾਜ਼ੀ ਦੀ ਕੀਤੀ ਗਈ ਹੈ। ਜਿਸ ਨੂੰ ਦੇਖਣ ਲਈ 3 ਲੱਖ ਸ਼ਰਧਾਲੂ ਪਹੁੰਚੇ ਸਨ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੇ ਪਵਿੱਤਰ ਮੌਕੇ ’ਤੇ ਦੇਸ਼-ਵਿਦੇਸ਼ ਦੀਆਂ ਸਾਰੀਆਂ ਸਿੱਖ ਸੰਗਤਾਂ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਨੇ ਮੀਡੀਆ ਨਾਲ ਗੱਲ ਕਰਦਿਆਂ ਬੰਦੀ ਛੋੜ ਦਿਵਸ ਦੀ ਇਤਿਹਾਸਕ ਮਹੱਤਤਾ ਅਤੇ ਇਸ ਦਿਨ ਦੇ ਅਧਿਆਤਮਿਕ ਸੰਦੇਸ਼ ’ਤੇ ਚਾਨਣਾ ਪਾਇਆ। ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਦੱਸਿਆ ਕਿ ਬੰਦੀ ਛੋੜ ਦਿਵਸ ਸਿਰਫ਼ ਰੌਸ਼ਨੀ ਦਾ ਪ੍ਰਤੀਕ ਨਹੀਂ ਹੈ, ਸਗੋਂ ਆਜ਼ਾਦੀ ਅਤੇ ਨਿਆਂ ਦਾ ਵੀ ਪ੍ਰਤੀਕ ਹੈ। ਸ੍ਰੀ ਗੁਰੂ ਹਰਗੋਬਿੰਦ ਸਾਹਿਬ ਗਵਾਲੀਅਰ ਦੇ ਕਿਲ੍ਹੇ ਵਿੱਚ ਕੈਦ 52 ਰਾਜਿਆਂ ਨੂੰ ਰਿਹਾਅ ਕਰਵਾ ਕੇ ਸ੍ਰੀ ਅੰਮ੍ਰਿਤਸਰ ਸਾਹਿਬ ਵਾਪਸ ਪਰਤੇ। ਉਨ੍ਹਾਂ ਦੀ ਵਾਪਸੀ ਸ਼ਰਧਾਲੂਆਂ ਦੁਆਰਾ ਘਿਓ ਦੇ ਦੀਵੇ ਜਗਾ ਕੇ ਅਤੇ ਆਤਿਸ਼ਬਾਜ਼ੀ ਨਾਲ ਮਨਾਈ ਗਈ। ਉਦੋਂ ਤੋਂ ਇਸ ਦਿਨ ਨੂੰ ਹਰ ਸਾਲ ਬੰਦੀ ਛੋੜ ਦਿਵਸ ਵਜੋਂ ਮਨਾਇਆ ਜਾਂਦਾ ਹੈ।

## ਭੁੱਲਰ ’ਤੇ ਆਮਦਨ ਤੋਂ ਵੱਧ ਸੰਪਤੀ ਦੇ ਮਾਮਲੇ ਨੂੰ ਲੈ ਕੇ ਵੀ ਕੱਸਿਆ ਜਾ ਸਕਦਾ ਸ਼ਿਕੰਜਾ

# ਸੀਬੀਆਈ ਖੰਗਾਲ ਰਹੀ ਕਾਗਜ਼-ਪੱਤਰ, ਈਡੀ ਕਰੇਗੀ ਜਾਂਚ

**ਚੰਡੀਗੜ੍ਹ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਦੀ ਬੁੜੈਲ ਜੇਲ੍ਹ ਵਿੱਚ ਬੰਦ ਡੀਆਈਜੀ (ਹੁਣ ਸਾਬਕਾ) ਰੋਪੜ ਰੇਂਜ IPS ਹਰਚਰਨ ਸਿੰਘ ਭੁੱਲਰ ਖ਼ਿਲਾਫ਼ ਕਦੇ ਵੀ ਆਮਦਨ ਤੋਂ ਵੱਧ ਸੰਪਤੀ ਬਣਾਉਣ ਦਾ ਮਾਮਲਾ ਦਰਜ ਹੋ ਸਕਦਾ ਹੈ। ਹੁਣ ਕਿਸੇ ਵੀ ਵੇਲੇ ਈ. ਡੀ. (ਐਨਫੋਰਸਮੈਂਟ ਡਾਇਰੈਕਟੋਰੇਟ) ਇਸ ਕੇਸ ਵਿੱਚ ਸ਼ਾਮਿਲ ਹੋ ਸਕਦੀ ਹੈ।



ਮੰਡੀ ਗੋਬਿੰਦਗੜ੍ਹ ਦੇ ਇੱਕ ਵਪਾਰੀ ਤੋਂ ਰਿਸ਼ਵਤ ਲੈਣ ਦੇ ਆਰੋਪ ਵਿੱਚ 16 ਅਕਤੂਬਰ ਨੂੰ ਗ੍ਰਿਫਤਾਰ ਡੀਆਈਜੀ ਭੁੱਲਰ ਦੇ ਘਰ ਤੋਂ ਸੀਬੀਆਈ ਨੂੰ ਲਗਭਗ 50 ਜਾਇਦਾਦਾਂ ਦੇ ਦਸਤਾਵੇਜ਼ ਮਿਲੇ ਹਨ। ਇਨ੍ਹਾਂ ਵਿੱਚ ਕਈ ਬੇਨਾਮੀ ਜਾਇਦਾਦਾਂ ਵੀ ਸ਼ਾਮਲ ਹਨ। ਭੁੱਲਰ ਨੇ ਆਪਣੀ ਇਨਕਮ ਟੈਕਸ ਰਿਟਰਨ ਵਿੱਚ 18 ਕਰੋੜ ਰੁਪਏ ਦੀ ਸੰਪਤੀ ਹੋਣ ਦਾ ਦਾਅਵਾ ਕੀਤਾ ਸੀ। ਹੁਣ ਸੀਬੀਆਈ ਇਨ੍ਹਾਂ ਦਸਤਾਵੇਜ਼ਾਂ ਅਤੇ ਉਹਨਾਂ ਦੀ ਘੋਸ਼ਿਤ ਸੰਪਤੀ ਦਾ ਮਿਲਾਨ ਕਰ ਰਹੀ ਹੈ। ਜੇ ਜਾਂਚ ਵਿੱਚ ਗੜਬੜ ਪਾਈ ਜਾਂਦੀ ਹੈ ਤਾਂ ਉਨ੍ਹਾਂ ਖ਼ਿਲਾਫ਼ ਆਪਰਾਧਿਕ ਮਾਮਲਾ ਦਰਜ ਹੋਣਾ ਤੈਅ ਹੈ। ਡੀਆਈਜੀ ਭੁੱਲਰ ਦੇ ਘਰ ਤੋਂ 7.5 ਕਰੋੜ ਰੁਪਏ ਨਕਦ, 2.5 ਕਿੱਲੋ ਸੋਨਾ, 24 ਮਹਿੰਗੀਆਂ ਘੜੀਆਂ ਅਤੇ ਫਾਰਮ ਹਾਊਸ ਸਮੇਤ ਕਈ ਦਸਤਾਵੇਜ਼ ਬਰਾਮਦ ਹੋਏ। ਫਾਰਮ ਹਾਊਸ ਅਤੇ ਘਰ ਤੋਂ ਸ਼ਰਾਬ ਮਿਲਣ ਦੇ ਮਾਮਲੇ ਵਿੱਚ ਆਬਕਾਰੀ ਅਧਿਨਿਯਮ ਅਨੁਸਾਰ ਵੱਖਰਾ ਕੇਸ ਵੀ ਦਰਜ ਕੀਤਾ ਗਿਆ ਹੈ। ਡੀਆਈਜੀ ਹਰਚਰਨ ਸਿੰਘ ਭੁੱਲਰ ਨੇ ਕੇਂਦਰ ਸਰਕਾਰ ਕੋਲ 1 ਜਨਵਰੀ, 2025 ਤੱਕ ਦੀ ਇਨਕਮ ਟੈਕਸ ਰਿਟਰਨ ਦਰਜ ਕਰਵਾਈ ਸੀ। ਰਿਟਰਨ ਮੁਤਾਬਕ, ਉਨ੍ਹਾਂ ਦੀ ਮੂਲ ਤਨਖਾਹ 2,16,600 ਰੁਪਏ ਪ੍ਰਤੀ ਮਹੀਨਾ ਹੈ, ਜੋ 58 ਫ਼ੀਸਦੀ ਮਹਿੰਗਾਈ ਭੱਤਾ (41) ਨਾਲ ਲਗਭਗ 3.20 ਲੱਖ ਰੁਪਏ ਪ੍ਰਤੀ ਮਹੀਨਾ ਹੋ ਜਾਂਦੀ ਹੈ। ਤਨਖਾਹ ਦਾ ਲਗਭਗ 30 ਫ਼ੀਸਦੀ ਆਮਦਨ ਟੈਕਸ ਵਿੱਚ ਕਟਦਾ ਹੈ। ਆਮਦਨ ਟੈਕਸ ਕੱਟਣ ਤੋਂ ਬਾਅਦ ਉਨ੍ਹਾਂ ਦੀ ਸਾਲਾਨਾ ਤਨਖਾਹ ਲਗਭਗ 27 ਲੱਖ ਰੁਪਏ ਰਹਿ ਜਾਂਦੀ ਹੈ। ਇਸ ਦੇ ਇਲਾਵਾ, ਹੋਰ ਸਰੋਤਾਂ ਤੋਂ 11.44 ਲੱਖ ਰੁਪਏ ਦੀ ਸਾਲਾਨਾ ਆਮਦਨ ਦਰਜ ਕੀਤੀ ਗਈ ਹੈ। ਇਸ ਤਰ੍ਹਾਂ ਉਨ੍ਹਾਂ ਦੀ ਕੁੱਲ ਸਾਲਾਨਾ ਆਮਦਨ ਲਗਭਗ 38.44 ਲੱਖ ਰੁਪਏ ਹੁੰਦੀ ਹੈ। ਭੁੱਲਰ ਪਰਿਵਾਰ ਕੋਲ ਕੁੱਲ ਅੱਠ ਅਚਲ ਸੰਪਤੀਆਂ ਹਨ। ਇਨ੍ਹਾਂ ਵਿੱਚ ਸਭ ਤੋਂ ਪੁਰਾਣੀ ਸੰਪਤੀ ਜਲੰਧਰ ਦੇ ਕੋਟ ਕਲਾਂ ਵਿੱਚ ਛੇ ਕਨਾਲ ਦਾ ਫਾਰਮਹਾਊਸ ਹੈ, ਜਿਸ ਦੀ ਕੀਮਤ ਦੋ ਕਰੋੜ ਰੁਪਏ ਦੱਸੀ ਗਈ ਹੈ। ਇਹ ਸੰਪਤੀ ਉਨ੍ਹਾਂ ਨੂੰ 6 ਅਗਸਤ, 1993 ਨੂੰ ਆਪਣੇ ਪਿਤਾ ਮਹਲ ਸਿੰਘ ਭੁੱਲਰ ਤੋਂ ਵਿਰਾਸਤ ਵਿੱਚ ਮਿਲੀ ਸੀ। ਚੰਡੀਗੜ੍ਹ ਦੇ ਸੈਕਟਰ-392 ਵਿੱਚ ਪਰਿਵਾਰ ਕੋਲ ਇੱਕ ਫਲੈਟ ਹੈ, ਜੋ ਸਾਲ 1999 ਵਿੱਚ ਛੇ ਲੱਖ ਰੁਪਏ ਵਿੱਚ ਖਰੀਦਿਆ ਗਿਆ ਸੀ ਅਤੇ ਮੌਜੂਦਾ ਸਮੇਂ ਇਸ ਦੀ ਕੀਮਤ ਲਗਭਗ 1.5 ਕਰੋੜ ਰੁਪਏ ਹੈ।

## ਪੰਜਾਬ ਦੇ ਸਾਬਕਾ ਡੀਜੀਪੀ ਨੇ ਤੋੜੀ ਚੁੱਪੀ, ਬੋਲੇ- ਨਸ਼ੇ ’ਚ ਬੇਟਾ ਹੁੰਦਾ ਸੀ ਹਿੰਸਕ, ਦਿਮਾਗ. 40% ਤੱਕ ਡੈਮੇਜ



**ਚੰਡੀਗੜ੍ਹ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਦੇ ਪੰਚਕੂਲਾ ਵਿੱਚ ਪੰਜਾਬ ਦੇ ਸਾਬਕਾ ਡੀਜੀਪੀ ਮੁਹੰਮਦ ਮੁਸਤਫਾ ਆਪਣੇ ਪੁੱਤਰ ਅਕੀਲ ਅਖ਼ਤਾਰ ਦੀ ਮੌਤ ਦੇ ਮਾਮਲੇ ਵਿੱਚ ਕੇਸ ਦਰਜ ਹੋਣ ਤੋਂ ਬਾਅਦ ਪਹਿਲੀ ਵਾਰ ਮੀਡੀਆ ਸਾਹਮਣੇ ਆਏ। ਇਸ ਦੌਰਾਨ ਉਹਨਾਂ ਨੇ ਪੁੱਤਰ ਦੀ ਮੌਤ ਤੋਂ ਲੈ ਕੇ ਨੂੰਹ ਨਾਲ ਆਪਣੇ ਰਿਸ਼ਤੇ ਤੱਕ ਸਬੰਧਤ ਸਾਰੇ ਸਵਾਲਾਂ ਦੇ ਜਵਾਬ ਦਿੱਤੇ। ਉਹਨਾਂ ਨੇ ਕਿਹਾ ਕਿ ਇਹ ਬਹੁਤ ਦੁੱਖਦਾਈ ਘਟਨਾ ਹੈ। ਪੁੱਤਰ ਦੀ ਮੌਤ ਦਾ ਦਰਦ ਉਹੀ ਸਮਝ ਸਕਦਾ ਹੈ ਜਿਸਨੇ ਆਪਣਾ ਪੁੱਤਰ ਗੁਆਇਆ ਹੋਵੇ। ਦੁਨੀਆ ਵਿੱਚ ਇਸ ਤੋਂ ਵੱਡਾ ਕੋਈ ਦੁੱਖ ਨਹੀਂ ਹੁੰਦਾ। ਕੁਝ ਛੋਟੀ ਸੋਚ ਵਾਲੇ ਲੋਕ ਮੇਰੇ ਪੁੱਤਰ ਦੀ ਲਾਸ਼ ਅਤੇ ਮੇਰੇ ਜ਼ਖ਼ਮਾਂ ’ਤੇ ਨਮਕ ਛਿੜਕ ਰਹੇ ਹਨ, ਪਰ ਮੈਂ ਡਰਣ ਵਾਲਾ ਨਹੀਂ ਹਾਂ। “ਪੁੱਤਰ ਦੀ ਮੌਤ ਤੋਂ ਬਾਅਦ ਮੈਂ ਗਮ ਵਿੱਚ ਡੁੱਬਿਆ ਰਹਿਆ। ਮੈਂ ਕਿਸੇ ਦਾ ਫ਼ੋਨ ਵੀ ਨਹੀਂ ਉਠਾਇਆ। ਮੇਰੇ ਚ ਹਿੰਮਤ ਨਹੀਂ ਸੀ। ਮੇਰੇ ਅੰਦਰ ਇਕ ਪਿਤਾ ਵਜੋਂ ਬਹੁਤ ਦਰਦ ਸੀ। ਮੈਂ ਆਪਣਾ 35 ਸਾਲ ਦਾ ਇਕੱਲਾ ਪੁੱਤਰ ਗੁਆ ਦਿੱਤਾ ਹੈ। ਪਰ ਹੁਣ ਮੈਂ ਆਪਣੇ ਅੰਦਰ ਦੇ ਪਿਤਾ ਨੂੰ ਸੁਆ ਦਿੱਤਾ ਹੈ ਤੇ ਮੇਰੇ ਅੰਦਰ ਦਾ ਫੌਜੀ ਜਾਗ ਗਿਆ ਹੈ। ਝੂਠ ਦੇ ਪੈਰ ਨਹੀਂ ਹੁੰਦੇ, ਸੱਚ ਸਾਰੇ ਸਾਹਮਣੇ ਆ ਜਾਏਗਾ।” ਸਾਬਕਾ ਡੀਜੀਪੀ ਨੇ ਦੱਸਿਆ ਕਿ ਪੁੱਤਰ ਅਕੀਲ 18 ਸਾਲਾਂ ਤੋਂ ਸਾਇਕੋਟਿਕ ਡਿਸਆਰਡਰ ਅਤੇ ਨਸ਼ੇ ਦੀ ਸਮੱਸਿਆ ਨਾਲ ਸੰਘਰਸ਼ ਕਰ ਰਿਹਾ ਸੀ। ਕਈ ਵਾਰ ਉਹ ਪੁਲਿਸ ਹਿਰਾਸਤ ਵਿੱਚ ਵੀ ਰਹਿ ਚੁੱਕਾ ਹੈ। ਇਲਾਜ ਦੌਰਾਨ ਉਹ ਹਿੰਸਕ ਹੋ ਜਾਂਦਾ ਸੀ ਅਤੇ ਪਰਿਵਾਰ ਤੋਂ ਦੂਰ ਹੋ ਗਿਆ ਸੀ। 27 ਅਗਸਤ 2025 ਨੂੰ ਉਸਨੇ ਇੱਕ ਵੀਡੀਓ ਪੋਸਟ ਕੀਤੀ ਜੋ ਦੋ ਘੰਟਿਆਂ ਬਾਅਦ ਡਿਲੀਟ ਹੋ ਗਈ, ਪਰ ਕੁਝ ਲੋਕਾਂ ਨੇ ਡਾਊਨਲੋਡ ਕਰਕੇ ਗਲਤ ਤਰੀਕੇ ਨਾਲ ਵਰਤਿਆ।

## ਅੰਮ੍ਰਿਤਸਰ ਦੇ ਧਰਮਾ ਕਤਲ ਕੇਸ ’ਚ ਲੋੜੀਂਦੇ ਗੈਂਗਸਟਰ ਦਾ ਐਨਕਾਊਂਟਰ ! ਚੱਲੀਆਂ ਤਾਬੜਤੋੜ ਗੋਲੀਆਂ



**ਜਲੰਧਰ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵਿਚ ਇਕ ਸ਼ੂਟਰ ਦਾ ਐਨਕਾਊਂਟਰ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਸ ਨੇ ਜੱਗੂ ਭਗਵਾਨਪੁਰੀਆ ਗੈਂਗ ਦੇ ਇਕ ਸ਼ੂਟਰ ਦਾ ਐਨਕਾਊਂਟਰ ਕੀਤਾ। ਸ਼ੂਟਰ ਦੀ ਪਛਾਣ ਮਨਕਰਨ ਵਜੋਂ ਹੋਈ ਹੈ, ਜੋਕਿ ਪੁਲਸ ਦੀ ਗੋਲ਼ੀ ਲੱਗਣ ਦੌਰਾਨ ਜ਼ਖ਼ਮੀ ਹੋ ਗਿਆ। ਦੋਵੇਂ ਪਾਸਿਓਂ ਚੱਲੀਆਂ ਗੋਲ਼ੀਆਂ ਦੌਰਾਨ ਮਨਕਰਨ ਦੇ ਢਿੱਡ ਵਿੱਚ ਗੋਲ਼ੀ ਲੱਗੀ ਹੈ, ਜਿਸ ਤੋਂ ਬਾਅਦ ਉਸ ਨੂੰ ਜ਼ਖ਼ਮੀ ਹਾਲਤ ਵਿੱਚ ਕਾਬੂ ਕਰਕੇ ਸਿਵਲ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਇਹ ਮੁਲਜ਼ਮ ਜੱਗੂ ਭਗਵਾਨਪੁਰੀਆ ਗੈਂਗ ਨਾਲ ਸੰਬੰਧਤ ਹੈ ਅਤੇ ਅੰਮ੍ਰਿਤਸਰ ਦੇ ਚਰਚਿਤ ਧਰਮਾ ਕਤਲ ਕੇਸ ਵਿੱਚ ਸ਼ੂਟਰਾਂ ਦਾ ਮਦਦਗਾਰ ਦੱਸਿਆ ਜਾ ਰਿਹਾ ਹੈ। ਧਰਮਜੀਤ ਸਿੰਘ ਉਰਫ਼ ਧਰਮਾ ਦਾ ਗੋਲ਼ੀ ਮਾਰ ਕੇ ਕਤਲ 26 ਸਤੰਬਰ ਨੂੰ ਅੰਮ੍ਰਿਤਸਰ ਦੇ ਛੇਹਰਟਾ ਵਿਖੇ ਕੀਤਾ ਗਿਆ ਸੀ। ਧਰਮਾ ਖ਼ੁਦ 2012 ਦੇ ਏ. ਐੱਸ. ਆਈ. ਰਵਿੰਦਰਪਾਲ ਕਤਲ ਮਾਮਲੇ ਵਿੱਚ ਦੋਸ਼ੀ ਕਰਾਰ ਦਿੱਤਾ ਗਿਆ ਸੀ ਅਤੇ ਉਸ ਖ਼ਿਲਾਫ਼ NDPS ਤੇ ਆਰਮਜ਼ ਐਕਟ ਦੇ ਚਾਰ ਹੋਰ ਕੇਸ ਵੀ ਦਰਜ ਸਨ। ਬੁੱਧਵਾਰ ਸਵੇਰੇ ਜਲੰਧਰ ਸੀ. ਆਈ. ਏ. ਸਟਾਫ਼ ਦੇ ਇੰਚਾਰਜ ਸੁਰਿੰਦਰ ਸਿੰਘ ਕੰਬੋਜ ਨੂੰ ਸਲੇਮਪੁਰ ਮਸੰਦਾ ਇਲਾਕੇ ਵਿੱਚ ਮਨਕਰਨ ਦੀ ਲੋਕੇਸ਼ਨ ਮਿਲੀ। ਪੁਲਸ ਅਧਿਕਾਰੀਆਂ ਅਨੁਸਾਰ ਜਦੋਂ ਪੁਲਸ ਟੀਮ ਨੇ ਉਸ ਨੂੰ ਘੇਰਨ ਦੀ ਕੋਸ਼ਿਸ਼ ਕੀਤੀ ਤਾਂ ਮੁਲਜ਼ਮ ਨੇ ਫਾਇਰਿੰਗ ਸ਼ੁਰੂ ਕਰ ਦਿੱਤੀ। ਜਵਾਬੀ ਕਾਰਵਾਈ ਵਿੱਚ ਉਸ ਦੇ ਢਿੱਡ ਵਿੱਚ ਗੋਲ਼ੀ ਲੱਗੀ ਅਤੇ ਉਹ ਜ਼ਖ਼ਮੀ ਹੋ ਗਿਆ। ਪੁਲਸ ਨੇ ਮੌਕੇ ਤੋਂ ਨਾਜਾਇਜ਼ ਹਥਿਆਰ (ਰਿਵਾਲਵਰ) ਬਰਾਮਦ ਕੀਤੇ ਹਨ ਅਤੇ ਮਨਕਰਨ ਦੇ ਦੋ ਹੋਰ ਸਾਥੀਆਂ ਨੂੰ ਵੀ ਹਿਰਾਸਤ ਵਿੱਚ ਲਿਆ ਗਿਆ ਹੈ, ਜੋ ਜੱਗੂ ਭਗਵਾਨਪੁਰੀਆ ਗੈਂਗ ਨਾਲ ਜੁੜੇ ਹੋਏ ਹਨ। ਪੁਲਸ ਇਸ ਮਾਮਲੇ ਵਿੱਚ ਅਗਲੇਰੀ ਜਾਂਚ ਕਰ ਰਹੀ ਹੈ।

## ਕੈਨੇਡਾ ’ਚ ਨਾਮੀ ਪੰਜਾਬੀ ਗਾਇਕ ’ਤੇ ਫਾਇਰਿੰਗ, ਰੋਹਿਤ ਗੋਦਾਰਾ ਗੈਂਗ ਨੇ ਲਈ ਜ਼ਿੰਮੇਵਾਰੀ, ਬੋਲੇ- ‘ਸਮਝ ਆ ਗਈ....’

**ਸਰੀ (ਕੈਨੇਡਾ), 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ ’ਚ ਅਪਰਾਧ ਆਪਣੀ ਚਰਮ ਸੀਮਾ ’ਤੇ ਪਹੁੰਚਦਾ ਨਜ਼ਰ ਆ ਰਿਹਾ ਹੈ। ਕੁਝ ਦਿਨ ਪਹਿਲਾਂ ਲਾਰੈਂਸ ਬਿਸ਼ਨੋਈ ਗੈਂਗ ਨੇ ਗੋਲਾਬਾਰੀ ਦੀ ਇੱਕ ਘਟਨਾ ਕੀਤੀ ਸੀ। ਹੁਣ ਰੋਹਿਤ ਗੋਦਾਰਾ ਗੈਂਗ ਨੇ ਵੀ ਤਾਬੜਤੋੜ ਗੋਲਾਬਾਰੀ ਕਰਵਾਈ ਹੈ। ਗੋਦਾਰਾ ਗੈਂਗ ਨੇ ਸੋਸ਼ਲ ਮੀਡੀਆ ’ਤੇ ਪੋਸਟ ਸ਼ੇਅਰ ਕਰਕੇ



ਦਾਅਵਾ ਕੀਤਾ ਹੈ ਕਿ ਸਿੰਗਰ ਤੇਜੀ ਕਾਹਲੋਂ ’ਤੇ ਉਸਨੇ ਗੋਲਾਬਾਰੀ ਕਰਵਾਈ ਹੈ। ਗੈਂਗ ਨੇ ਸੋਸ਼ਲ ਮੀਡੀਆ ਪੋਸਟ ਵਿੱਚ ਗੋਲਾਬਾਰੀ ਦਾ ਕਾਰਣ ਵੀ ਦੱਸਿਆ ਹੈ। ਰੋਹਿਤ ਗੋਦਾਰਾ ਨਾਲ ਜੁੜੇ ਗੈਂਗਸਟਰ ਮਹਿੰਦਰ ਸਰਨ ਨੇ ਸੋਸ਼ਲ ਮੀਡੀਆ ਪੋਸਟ ਵਿੱਚ ਲਿਖਿਆ: “ਜੈ ਸ੍ਰੀ ਰਾਮ, ਰਾਮ ਰਾਮ ਸਭ ਭਾਈਆਂ ਨੂੰ। ਮੈਂ (ਮਹਿੰਦਰ ਸਰਨ ਦਿਲਾਣਾ) (ਰਾਹੁਲ∴ਰਿਨਾਉ) (ਵਿੱਕੀ∴ਫਲਵਾਨ) ਭਾਈਆਂ—ਜੋ ਗੋਲਾਬਾਰੀ (ਕੈਨੇਡਾ) ਵਿੱਚ (ਤੇਜੀ ਕਾਹਲੋਂ) ਤੇ ਹੋਈ ਹੈ, ਉਹ ਅਸੀਂ ਕਰਵਾਈ ਹੈ। ਉਸ ਦੇ ਪੇਟ ਵਿੱਚ ਗੋਲੀਆਂ ਲੱਗੀਆਂ ਹਨ। ਇਸ ਤੋਂ ਸਮਝ ਆ ਗਿਆ ਤਾਂ ਠੀਕ, ਨਹੀਂ ਤਾਂ ਅਗਲੀ ਵਾਰੀ ਮਾਰ ਦੇਵਾਂਗੇ! ਇਹ ਸਾਡੇ ਦੁਸ਼ਮਣਾਂ ਨੂੰ ਫਾਇਨੈਨਸ਼ਲ ਸਹਾਇਤਾ ਦੇਣਾ, ਹਥਿਆਰ ਦੇਣਾ, ਕੈਨੇਡਾ ਵਿੱਚ ਸਾਡੇ ਭਾਈਆਂ ਦੀ ਮੁਖਬਰੀ ਕਰਨਾ ਅਤੇ ਉਨ੍ਹਾਂ ’ਤੇ ਹਮਲੇ ਦੀ ਯੋਜਨਾ ਬਣਾਉਣਾ ਸੀ। ਸਾਡੇ ਭਾਈਆਂ ਦੀ ਰੱਖਿਆ ਤਾਂ ਛੱਡੋ, ਜੇ ਕੋਈ ਸੋਚਿਆ ਵੀ ਤਾਂ ਅਸੀਂ ਉਹ ਹਾਲਤ ਬਣਾਵਾਂਗੇ ਜੋ ਇਤਿਹਾਸ ਦੇ ਪੰਨਿਆਂ ਵਿੱਚ ਗੂੰਜੇਗੀ।” ਉਸਨੇ ਅੱਗੇ ਲਿਖਿਆ, “ਮੈਂ ਤੁਹਾਨੂੰ ਦੱਸ ਦਿਆਂ, ਇਸ ਗੱਦਾਰ ਦੇ ਚੱਕਰ ਵਿੱਚ ਆ ਕੇ ਜੇ ਕਿਸੇ ਨੇ ਸਾਡੇ ਭਾਈਆਂ ਵੱਲ ਦੇਖਿਆ ਜਾਂ ਇਸਨੂੰ ਕਿਸੇ ਨੇ ਵਿੱਤੀ ਸਹਾਇਤਾ ਦਿੱਤੀ ਅਤੇ ਸਾਨੂੰ ਪਤਾ ਲੱਗ ਗਿਆ ਤਾਂ ਉਸਦਾ ਘਰ-ਪਰਿਵਾਰ ਵੀ ਬਖ਼ਿਸ਼ਆ ਨਹੀਂ ਜਾਵੇਗਾ! ਅਸੀਂ ਉਸਦਾ ਨਾਸ਼ ਕਰ ਦੇਵਾਂਗੇ। ਇਹ ਚੇਤਾਵਨੀ ਸਾਰੇ ਭਾਈਆਂ ਅਤੇ ਬਿਜਨਸਮੈਨਾਂ, ਬਿਲਡਰਾਂ, ਹਵਾਲਾ ਵਪਾਰੀਆਂ ਅਤੇ ਜੋ ਵੀ ਹੋਣ—ਸਭ ਲਈ ਹੈ! ਕਿਸੇ ਨੇ ਵੀ ਮਦਦ ਕੀਤੀ ਤਾਂ ਉਹ ਸਾਡਾ ਦੁਸ਼ਮਣ ਹੋਵੇਗਾ! ਅਜੇ ਤਾਂ ਸ਼ੁਰੂਆਤ ਹੀ ਹੋਈ ਹੈ। ਅੱਗੇ ਵੇਖੋ ਹੁੰਦਾ ਕੀ ਹੈ!”

ਦੱਸਣਯੋਗ ਹੈ ਕਿ ਹਾਲ ਹੀ ਵਿੱਚ ਪ੍ਰਸਿੱਧ ਕਮੇਡੀ ਕਲਾਕਾਰ ਕਪਿਲ ਸ਼ਰਮਾ ਦੇ ਕੈਫੇ ’ਤੇ ਹਮਲਾ ਹੋਇਆ ਸੀ। 16 ਅਕਤੂਬਰ ਨੂੰ ਹੋਏ ਇਸ ਹਮਲੇ ਤੋਂ ਬਾਅਦ ਇੱਕ ਬਿਜ਼ਨਸਮੈਨ ਦੀ ਕੋਠੀ ਨੂੰ ਵੀ ਨਿਸ਼ਾਨਾ ਬਣਾਇਆ ਗਿਆ ਸੀ। ਇਨ੍ਹਾਂ ਦੋਹਾਂ ਘਟਨਾਵਾਂ ਦੀ ਜ਼ਿੰਮੇਵਾਰੀ ਗੈਂਗਸਟਰ ਗੋਲਡੀ ਢਿੱਲੋਂ ਨੇ ਲਈ ਸੀ।

## ਲੈਫਟੀਨੈਂਟ ਕਰਨਲ ਬਣੇ ਓਲੰਪੀਅਨ ਨੀਰਜ ਚੋਪੜਾ, ਰੱਖਿਆ ਮੰਤਰੀ ਰਾਜਨਾਥ ਸਿੰਘ ਤੇ ਥਲ ਸੈਨਾ ਪ੍ਰਮੁੱਖ ਨੇ ਦਿੱਤਾ ਅਹੁਦਾ



**ਨਵੀਂ ਦਿੱਲੀ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਓਲੰਪਿਕ ਸੋਨ ਤਗਮਾ ਜੇਤੂ ਜੈਵਲਿਨ ਥ੍ਰੋਅਰ ਨੀਰਜ ਚੋਪੜਾ ਨੂੰ ਬੁੱਧਵਾਰ ਨੂੰ ਭਾਰਤੀ ਫੌਜ ਵਿੱਚ ਲੈਫਟੀਨੈਂਟ ਕਰਨਲ ਦਾ ਆਨਰੇਰੀ ਰੈਂਕ ਦਿੱਤਾ ਗਿਆ। ਇਹ ਸਮਾਰੋਹ ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ ਦੀ ਮੌਜੂਦਗੀ ਵਿੱਚ ਦਿੱਲੀ ਵਿੱਚ ਆਯੋਜਿਤ ਕੀਤਾ ਗਿਆ। ਇਹ ਸਨਮਾਨ ਨੀਰਜ ਚੋਪੜਾ ਦੀਆਂ ਐਥਲੈਟਿਕਸ ਵਿੱਚ ਅਸਾਧਾਰਨ ਪ੍ਰਾਪਤੀਆਂ ਅਤੇ ਲੱਖਾਂ ਨੌਜਵਾਨ ਭਾਰਤੀਆਂ ਨੂੰ ਪ੍ਰੇਰਿਤ ਕਰਨ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਮਾਨਤਾ ਦੇਣ ਲਈ ਦਿੱਤਾ ਗਿਆ। ਉਹ ਐਥਲੀਟਾਂ ਦੇ ਇੱਕ ਚੋਣਵੇਂ ਸਮੂਹ ਵਿੱਚ ਸ਼ਾਮਲ ਹੁੰਦਾ ਹੈ ਜਿਨ੍ਹਾਂ ਨੇ ਦੇਸ਼ ਨੂੰ ਮਾਣ ਦਿਵਾਉਣ ਲਈ ਹਥਿਆਰਬੰਦ ਸੈਨਾਵਾਂ ਵਿੱਚ ਆਨਰੇਰੀ ਰੈਂਕ ਪ੍ਰਾਪਤ ਕੀਤੇ ਹਨ। ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ ਅਤੇ ਭਾਰਤੀ ਫੌਜ ਅਤੇ ਖੇਤਰੀ ਫੌਜ ਦੇ ਕਈ ਸੀਨੀਅਰ ਅਧਿਕਾਰੀ ਸਮਾਰੋਹ ਵਿੱਚ ਮੌਜੂਦ ਸਨ। ਨੀਰਜ 26 ਅਗਸਤ, 2016 ਨੂੰ ਨਾਇਬ ਸੂਬੇਦਾਰ ਦੇ ਰੈਂਕ ’ਤੇ ਜੂਨੀਅਰ ਕਮਿਸ਼ਨਡ ਅਫਸਰ ਵਜੋਂ ਭਾਰਤੀ ਫੌਜ ਵਿੱਚ ਸ਼ਾਮਲ ਹੋਏ। ਦੋ ਸਾਲ ਬਾਅਦ, ਉਨ੍ਹਾਂ ਨੂੰ ਉਨ੍ਹਾਂ ਦੀਆਂ ਐਥਲੈਟਿਕਸ ਪ੍ਰਾਪਤੀਆਂ ਲਈ ਅਰਜੁਨ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ, ਅਤੇ ਫਿਰ 2021 ਵਿੱਚ, ਉਨ੍ਹਾਂ ਨੂੰ ਖੇਡਾਂ ਵਿੱਚ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਖੇਲ ਰਤਨ ਪੁਰਸਕਾਰ ਪ੍ਰਾਪਤ ਹੋਇਆ। ਨੀਰਜ ਨੂੰ 2021 ਵਿੱਚ ਸੂਬੇਦਾਰ ਦੇ ਅਹੁਦੇ ’ਤੇ ਵੀ ਤਰੱਕੀ ਦਿੱਤੀ ਗਈ ਸੀ। ਟੋਕੀਓ 2020 ਓਲੰਪਿਕ ਵਿੱਚ ਇਤਿਹਾਸਕ ਸੋਨ ਤਗਮਾ ਜਿੱਤਣ ਤੋਂ ਬਾਅਦ, 27 ਸਾਲਾ ਭਾਰਤੀ ਐਥਲੀਟ ਨੂੰ 2022 ਵਿੱਚ ਭਾਰਤੀ ਫੌਜ ਦੁਆਰਾ ਪਰਮ ਵਿਸ਼ਿਸ਼ਟ ਸੇਵਾ ਮੈਡਲ ਨਾਲ ਸਨਮਾਨਿਤ ਕੀਤਾ ਗਿਆ ਸੀ। ਉਸਨੂੰ 2022 ਵਿੱਚ ਸੂਬੇਦਾਰ ਮੇਜਰ ਦੇ ਅਹੁਦੇ ’ਤੇ ਤਰੱਕੀ ਦਿੱਤੀ ਗਈ ਸੀ ਅਤੇ ਉਸੇ ਸਾਲ ਭਾਰਤੀ ਜੈਵਲਿਨ ਥ੍ਰੋਅ ਦੇ ਦਿੱਗਜ ਨੂੰ ਭਾਰਤ ਦਾ ਚੌਥਾ ਸਭ ਤੋਂ ਉੱਚਾ ਨਾਗਰਿਕ ਪੁਰਸਕਾਰ, ਪਦਮ ਸ਼੍ਰੀ ਵੀ ਦਿੱਤਾ ਗਿਆ ਸੀ।

## ਸ਼੍ਰੀ ਤਰਨ ਤਾਰਨ ਜ਼ਿਮਨੀ ਚੋਣ 2025

# ਪੰਥਕ ਹਲਕੇ ਦੇ ਵੋਟਰਾਂ ਨੂੰ ਅਪੀਲ

# ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਵੋਟ ਪਾਉਣ : ਇੰਟਰਨੈਸ਼ਨਲ ਪੰਥਕ ਦਲ



**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**
(ਬਾਨੀ ਇੰਟਰਨੈਸ਼ਨਲ ਪੰਥਕ ਦਲ)
ਅਤੇ ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ



**ਭਾਈ ਪਰਮਜੀਤ ਸਿੰਘ ਢਾਡੀ**
ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



**ਭਾਈ ਰਘਵੀਰ ਸਿੰਘ**
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.



**ਭਾਈ ਕਪਤਾਨ ਸਿੰਘ**
ਜਰਨਲ ਸਕੱਤਰ ਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.

**ਲਵਰਹੈਪਟਨ (ਇੰਗਲੈਂਡ)** — ਸ਼੍ਰੀ ਤਰਨ ਤਾਰਨ ਸਾਹਿਬ – ਪੰਥਕ ਏਕਤਾ ਅਤੇ ਖਾਲਸਾ ਮਰਿਆਦਾ ਦੇ ਸੁਨੇਹੇ ਨਾਲ ਜੁੜੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ਼੍ਰੀ ਤਰਨ ਤਾਰਨ ਸਾਹਿਬ ਹਲਕੇ ਵਿੱਚ ਹੋ ਰਹੀ ਜ਼ਿਮਨੀ ਚੋਣ ਸਬੰਧੀ ਇੱਕ ਮਹੱਤਵਪੂਰਨ ਬਿਆਨ ਜਾਰੀ ਕੀਤਾ ਗਿਆ ਹੈ। ਦਲ ਨੇ ਪੰਥਕ ਹਲਕੇ ਦੇ ਸੂਝਵਾਨ ਅਤੇ ਜਾਗਰੂਕ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਾਰਟੀਬਾਜੀ, ਵਿਅਕਤੀਗਤ ਰੁਝਾਨਾਂ ਅਤੇ ਰਾਜਨੀਤਿਕ ਸਵਾਰਥਾਂ ਤੋਂ ਉੱਪਰ ਉੱਠ ਕੇ ਆਪਣੀ ਵੋਟ ਕੇਵਲ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਪਾਉਣ। ਇਹ ਸਾਂਝਾ ਬਿਆਨ ਭਾਈ ਪਰਮਜੀਤ ਸਿੰਘ ਢਾਡੀ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ, ਭਾਈ ਰਘਵੀਰ ਸਿੰਘ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂ.ਕੇ., ਅਤੇ ਭਾਈ ਕਪਤਾਨ ਸਿੰਘ, ਜਰਨਲ ਸਕੱਤਰ ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤਾ ਗਿਆ।

**ਵਾਰਿਸ ਪੰਜਾਬ ਅਕਾਲੀ ਦਲ ਦਾ ਪੰਥਕ ਉਮੀਦਵਾਰ** : ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਦੱਸਿਆ ਕਿ ਵਾਰਿਸ ਪੰਜਾਬ ਅਕਾਲੀ ਦਲ ਨੇ ਸ਼੍ਰੀ ਤਰਨ ਤਾਰਨ ਹਲਕੇ ਤੋਂ ਹੋ ਰਹੀ ਜ਼ਿਮਨੀ ਚੋਣ ਵਿੱਚ ਆਪਣੇ ਉਮੀਦਵਾਰ ਵਜੋਂ ਭਾਈ ਸੰਦੀਪ ਸਿੰਘ ਸੱਨੀ ਦੇ ਭਰਾ ਭਾਈ ਮਨਦੀਪ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਭਾਈ ਸੰਦੀਪ ਸਿੰਘ ਸੱਨੀ ਇਸ ਸਮੇਂ ਜੇਲ੍ਹ ਵਿੱਚ ਬੰਦ ਹਨ ਅਤੇ ਉਹਨਾਂ ਦਾ ਪੰਥਕ ਤੇ ਜਨਤਕ ਯੋਗਦਾਨ ਕਾਫ਼ੀ ਮਹੱਤਵਪੂਰਨ ਰਿਹਾ ਹੈ। ਉਨ੍ਹਾਂ ਦੀ ਗੈਰਹਾਜ਼ਰੀ ਵਿੱਚ, ਉਨ੍ਹਾਂ ਦੇ ਭਰਾ ਭਾਈ ਮਨਦੀਪ ਸਿੰਘ ਨੇ ਪੰਥਕ ਸਿਧਾਂਤਾਂ ਦੀ ਰੱਖਿਆ ਅਤੇ ਲੋਕ ਸੇਵਾ ਨੂੰ ਅਗੇ ਵਧਾਉਣ ਦਾ ਸੰਕਲਪ ਲਿਆ ਹੈ। ਪੰਥਕ ਦਲ ਦੇ ਆਗੂਆਂ ਨੇ ਕਿਹਾ ਕਿ ਭਾਈ ਮਨਦੀਪ ਸਿੰਘ ਇੱਕ ਸਿੱਖ ਅਦਰਸ਼ਾਂ, ਸੱਚਾਈ ਅਤੇ ਸੇਵਾ ਦੇ ਪੱਖਦਾਰ ਉਮੀਦਵਾਰ ਹਨ, ਜਿਨ੍ਹਾਂ ਨੇ ਹਮੇਸ਼ਾਂ ਗੁਰੂ ਘਰਾਂ, ਸੰਗਤਾਂ ਅਤੇ ਪੰਥਕ ਮੁਹਿੰਮਾਂ ਵਿੱਚ ਭਾਗ ਲਿਆ ਹੈ।

**ਪੰਥਕ ਏਕਤਾ ਦੀ ਲੋੜ** : ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਅਤੇ ਭਾਈ ਕਪਤਾਨ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਥ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਹਨਾਂ ਕਿਹਾ — "ਇਹ ਚੋਣ ਸਿਰਫ਼ ਇੱਕ ਵਿਧਾਨ ਸਭਾ ਸੀਟ ਦੀ ਨਹੀਂ, ਸਗੋਂ ਪੰਥਕ ਸੋਚ ਅਤੇ ਗੁਰੂ ਸਿੱਖੀ ਅਦਰਸ਼ਾਂ ਦੀ ਜਿੱਤ ਦੀ ਚੋਣ ਹੈ। ਅਸੀਂ ਸਾਰਿਆਂ ਨੂੰ ਇਹ ਸੂਝਬੂਝ ਨਾਲ ਫੈਸਲਾ ਕਰਨਾ ਚਾਹੀਦਾ ਹੈ ਕਿ ਕਿਹੜਾ ਉਮੀਦਵਾਰ ਗੁਰੂ ਸਾਹਿਬ ਦੀ ਰਹਿਤ ਤੇ ਪੰਥ ਦੀ ਆਬਰੂ ਨੂੰ ਕਾਇਮ ਰੱਖ ਸਕਦਾ ਹੈ।" ਉਹਨਾਂ ਹੋਰ ਕਿਹਾ ਕਿ ਪੰਥਕ ਧਿਰਾਂ, ਸਮਾਜਕ ਜਥੇਬੰਦੀਆਂ ਤੇ ਗੁਰਮਤਿ ਪ੍ਰੇਮੀ ਸੰਗਤਾਂ ਵੱਲੋਂ ਵੀ ਭਾਈ ਮਨਦੀਪ ਸਿੰਘ ਦੀ ਖੁੱਲ੍ਹੀ ਹਮਾਇਤ ਕੀਤੀ ਜਾ ਰਹੀ ਹੈ, ਜੋ ਪੰਥਕ ਏਕਤਾ ਦਾ ਸਪਸ਼ਟ ਪ੍ਰਤੀਕ ਹੈ।

**ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਦਾ ਮਹੱਤਵ** : ਆਗੂਆਂ ਨੇ ਕਿਹਾ ਕਿ ਤਰਨ ਤਾਰਨ ਸਾਹਿਬ ਦੀ ਧਰਤੀ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਚਰਨ ਛੋਹ ਧਰਤੀ ਹੈ, ਜੋ ਖਾਲਸਾ ਰਾਜ ਦੇ ਸਮੇਂ ਸਿੱਖ ਰਾਜਧਾਨੀ ਦਾ ਮਾਣ ਰੱਖਦੀ ਆਈ ਹੈ। ਇਸ ਲਈ ਮਾਝੇ ਦੇ ਸੂਝਵਾਨ ਸਿੱਖਾਂ ਨੂੰ ਚਾਹੀਦਾ ਹੈ ਕਿ ਉਹ ਇਸ ਧਰਤੀ ਦੀ ਰਵਾਇਤ ਨੂੰ ਜ਼ਿੰਦਾ ਰੱਖਦਿਆਂ ਪੰਥਕ ਝੰਡੇ ਹੇਠ ਇਕੱਠੇ ਹੋਣ। ਉਹਨਾਂ ਕਿਹਾ ਕਿ ਇਹ ਚੋਣ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਪੰਥਕ ਆਤਮਗੌਰਵ ਦੀ ਪ੍ਰਤੀਕ ਚੋਣ ਹੈ। ਜੇ ਮਾਝੇ ਦੇ ਸਿੱਖ ਇਕਜੁੱਟ ਹੋ ਕੇ ਭਾਈ ਮਨਦੀਪ ਸਿੰਘ ਨੂੰ ਵੱਡੀ ਲੀਡ ਨਾਲ ਕਾਮਯਾਬ ਕਰਾਉਂਦੇ ਹਨ, ਤਾਂ ਇਹ 2027 ਲਈ ਇੱਕ ਮਜ਼ਬੂਤ ਪੰਥਕ ਆਵਾਜ਼ ਦੀ ਸ਼ੁਰੂਆਤ ਹੋਵੇਗੀ।

**ਪੰਥਕ ਦਲ ਦੀ ਅਪੀਲ** : ਇੰਟਰਨੈਸ਼ਨਲ ਪੰਥਕ ਦਲ ਨੇ ਸਾਰਿਆਂ ਪੰਥਕ ਵੋਟਰਾਂ ਨੂੰ ਸਾਂਝੀ ਅਪੀਲ ਕੀਤੀ — **"ਆਉ ਜੀ, 11 ਨਵੰਬਰ ਨੂੰ ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਤੋਂ ਪੰਥਕ ਜਿੱਤ ਦਾ ਨਾਅਰਾ ਲਗਾਈਏ। ਆਪਣੇ ਗੁਰੂ ਦੀ ਰਹਿਤ, ਆਪਣੇ ਸ਼ਹੀਦਾਂ ਦੀ ਕੁਰਬਾਨੀ ਅਤੇ ਆਪਣੀ ਧਰਤੀ ਦੇ ਮਾਣ ਲਈ ਭਾਈ ਮਨਦੀਪ ਸਿੰਘ ਨੂੰ ਜਿੱਤਾਂ ਕੇ 2027 ਦਾ ਰਾਹ ਪੱਧਰਾ ਕਰੀਏ।"**

## ਚੋਣ ਮਿਤੀ: 11 ਨਵੰਬਰ 2025

**ਹਲਕਾ: ਸ਼੍ਰੀ ਤਰਨ ਤਾਰਨ ਸਾਹਿਬ**

**ਉਮੀਦਵਾਰ: ਭਾਈ ਮਨਦੀਪ ਸਿੰਘ**
**(ਵਾਰਿਸ ਪੰਜਾਬ ਅਕਾਲੀ ਦਲ)**



ਭਾਈ ਮਨਦੀਪ ਸਿੰਘ (ਭਰਾਤਾ ਭਾਈ ਸੰਦੀਪ ਸਿੰਘ ਸੰਨੀ)
ਉਮੀਦਵਾਰ, ਵਿਧਾਨ ਸਭਾ ਹਲਕਾ ਤਰਨ-ਤਾਰਨ

ਆਵਾਜ਼ਿ ਕੌਮ AWAZE QAUM
International Newspaper & WEB TV

--★ ਜਾਰੀ ਕਰਤਾ ★--

## ਇੰਟਰਨੈਸ਼ਨਲ ਪੰਥਕ ਦਲ


ਭਾਈ ਪਰਮਜੀਤ ਸਿੰਘ ਢਾਡੀ — ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਭਾਈ ਰਘਵੀਰ ਸਿੰਘ — ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ.
ਭਾਈ ਕਪਤਾਨ ਸਿੰਘ — ਜਰਨਲ ਸਕੱਤਰ ਤੇ ਮੁੱਖ ਬੁਲਾਰਾ, ਯੂ.ਕੇ.

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਦਮਦਮੀ ਟਕਸਾਲ — ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥



ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਾ ਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ





ਸ੍ਰੀ ਅਕਾਲ ਤਖ਼ਤ ਸਾਹਿਬ ਦੇ
ਸਾਬਕਾ ਜਥੇਦਾਰ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

# 29ਵਾਂ ਸਲਾਨਾ ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ** ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।





**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰ. 98141-27470, 84278-66404, 73408-35137

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB

VEG & NON-VEG INDIAN

TAKE AWAY MENU

0116 291 1565

075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV

# ਗੁਰਦੁਆਰਾ ਸ਼ਹੀਦਾਂ ਜੱਸੋਵਾਲ (ਬੱਬਰਾਂ ਦਾ ਹਾਈ ਕੋਰਟ) ਵਿਖੇ 29ਵਾਂ ਸਲਾਨਾ ਜੋੜ ਮੇਲਾ 1 ਨਵੰਬਰ 2025 ਨੂੰ ਸ਼ਨੀਵਾਰ ਦੇ ਦਿਨ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਵੇਗਾ







**ਜੱਸੋਵਾਲ, ਹੁਸ਼ਿਆਰਪੁਰ, 17 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਸ਼ਹੀਦਾਂ ਜੱਸੋਵਾਲ ਬੱਬਰਾਂ ਹਾਈ ਕੋਰਟ ਵਿਖੇ 29ਵਾਂ ਸਲਾਨਾ ਜੋੜ ਮੇਲਾ ਆਉਣ ਵਾਲੇ 1 ਨਵੰਬਰ (ਸ਼ਨੀਵਾਰ) ਨੂੰ ਸ਼ਾਨੋ ਸੌਕਤ ਤੇ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਇਸ ਜੋੜ ਮੇਲੇ ਵਿੱਚ ਧਾਰਮਿਕ ਤੇ ਰਾਜਨੀਤਿਕ ਪਾਰਟੀਆਂ ਦੇ ਪ੍ਰਮੁੱਖ ਆਗੂ, ਪੰਥਕ ਜਥੇਬੰਦੀਆਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ ਅਤੇ ਵਿਦੇਸ਼ਾਂ ਤੋਂ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੀਆਂ। ਇਸ ਸਬੰਧੀ 17 ਅਕਤੂਬਰ ਦਿਨ ਸ਼ੁੱਕਰਵਾਰ ਨੂੰ ਵਿਸ਼ੇਸ਼ ਮੀਟਿੰਗ ਗੁਰਦੁਆਰਾ ਸਾਹਿਬ ਵਿਖੇ ਕਰਵਾਈ ਗਈ, ਜਿਸ ਦੀ ਅਗਵਾਈ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਜੀ ਨੇ ਕੀਤੀ। ਮੀਟਿੰਗ ਵਿੱਚ ਇਲਾਕੇ ਦੀਆਂ ਸੰਗਤਾਂ, ਸਰਪੰਚ ਸਾਹਿਬਾਨ ਅਤੇ ਸੇਵਾਦਾਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਸਾਰੀਆਂ ਸੰਗਤਾਂ ਵਿੱਚ ਆਉਣ ਵਾਲੇ ਜੋੜ ਮੇਲੇ ਲਈ ਵੱਡਾ ਉਤਸ਼ਾਹ ਦੇਖਣ ਯੋਗ ਸੀ।

**ਮੀਟਿੰਗ ਵਿੱਚ ਪਹੁੰਚੇ ਪ੍ਰਮੁੱਖ ਨਿਹੰਗ ਸਿੰਘ ਜਥੇਦਾਰ : ਜਥੇਦਾਰ ਬਾਬਾ ਸਵਰਨਜੀਤ ਸਿੰਘ ਜੀ ਨਿਹੰਗ ਸਿੰਘ, ਮਿਸ਼ਲ ਸ਼ਹੀਦਾਂ ਤਰਨਾ ਦਲ, ਜਥੇਦਾਰ ਬਾਬਾ ਫਤਿਹ ਸਿੰਘ ਜੀ, ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਛਾਉਣੀ ਨੰਗਲ ਸਿੰਘਾ ਬੁੱਢਾ ਦਲ, ਨਵਾਂ ਸ਼ਹਿਰ, ਜਥੇਦਾਰ ਬਾਬਾ ਮਲਕੀਤ ਸਿੰਘ ਜੀ ਨਿਹੰਗ ਸਿੰਘ, ਗੁਰੂ ਨਾਨਕ ਦਰਬਾਰ ਗੜ੍ਹਸ਼ੰਕਰ, ਜਥੇਦਾਰ ਬਾਬਾ ਅੰਦੇਸ਼ ਸਿੰਘ ਜੀ, ਅੰਮ੍ਰਿਤਸਰ**

ਇਨ੍ਹਾਂ ਦੇ ਨਾਲ ਕਈ ਹੋਰ ਧਾਰਮਿਕ ਆਗੂਆਂ ਨੇ ਵੀ ਹਾਜ਼ਰੀ ਭਰੀ ਅਤੇ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।

**ਸਮਾਗਮ ਦੀਆਂ ਤਰੀਖਾਂ ਤੇ ਵਿਸ਼ੇਸ਼ ਪ੍ਰੋਗਰਾਮ:**

- **20 ਅਕਤੂਬਰ 2025: ਅਖੰਡ ਪਾਠ ਸਾਹਿਬ ਦਾ ਆਰੰਭ**
- **13 ਦਿਨਾਂ ਤੱਕ: ਲੜੀਵਾਰ ਸਮਾਗਮ ਤੇ ਸੰਗਤਾਂ ਲਈ ਧਾਰਮਿਕ ਪ੍ਰੋਗਰਾਮ**
- **1 ਨਵੰਬਰ (ਸ਼ਨੀਵਾਰ): ਮੁੱਖ ਜੋੜ ਮੇਲਾ**

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮਹਾਂ ਸਮਾਗਮ ਵਿੱਚ ਵਿਸ਼ੇਸ਼ ਤੌਰ ’ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਮੀਤ ਸਿੰਘ ਜੀ ਰੋਡੇ — ਜੋ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੇ ਭਤੀਜੇ ਹਨ — ਹਾਜ਼ਰੀ ਭਰਨਗੇ। ਰਾਗੀ, ਢਾਡੀ, ਕਥਾਵਾਚਕ ਅਤੇ ਇੰਟਰਨੈਸ਼ਨਲ ਪੰਥ ਦਲ ਦੀ ਸਮੁੱਚੀ ਲੀਡਰਸ਼ਿਪ ਇਸ ਸਮਾਗਮ ਵਿੱਚ ਸ਼ਮੂਲੀਅਤ ਕਰੇਗੀ। ਵਿਦੇਸ਼ਾਂ, ਖ਼ਾਸ ਕਰਕੇ ਯੂਕੇ ਅਤੇ ਇੰਗਲੈਂਡ ਦੀਆਂ ਸੰਗਤਾਂ ਵੱਲੋਂ ਵੀ ਵੱਡੇ ਪੱਧਰ ’ਤੇ ਪਹੁੰਚਣ ਦੀ ਪੁਸ਼ਟੀ ਹੋ ਚੁੱਕੀ ਹੈ। ਸੰਗਤਾਂ ਦੀ ਸੇਵਾ ਲਈ ਚਾਹ, ਪਕੌੜੇ, ਬੇਸਨ ਮਟਰੀ ਅਤੇ ਬਦਾਨੇ ਨਾਲ ਭਰਪੂਰ ਪ੍ਰਸਾਦ ਦੀ ਵਿਵਸਥਾ ਕੀਤੀ ਗਈ ਹੈ। ਸਾਰੀਆਂ ਸੇਵਾਵਾਂ ਚਾਉ, ਸ਼ਰਧਾ ਤੇ ਨਿਸ਼ਕਾਮ ਭਾਵ ਨਾਲ ਚੱਲ ਰਹੀਆਂ ਹਨ। ਗੁਰਦੁਆਰਾ ਸਾਹਿਬ ਦੇ ਇੰਚਾਰਜ ਭਾਈ ਜਰਨੈਲ ਸਿੰਘ ਨੇ ਮੀਟਿੰਗ ਵਿੱਚ ਸ਼ਾਮਲ ਹੋਏ ਸਾਰਿਆਂ ਦਾ ਧੰਨਵਾਦ ਕੀਤਾ।

**✶ ਜਾਰੀ ਕਰਤਾ ✶**

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

**(ਦਮਦਮੀ ਟਕਸਾਲ ਮੈਂਬਰ, ਸ਼੍ਰੋਮਣੀ ਕਮੇਟੀ, ਅੰਤਰਰਾਸ਼ਟਰੀ ਮੁੱਖ ਬੁਲਾਰੇ, ਇੰਟਰਨੈਸ਼ਨਲ ਪੰਥਕ ਦਲ)**

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥



ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

**ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ**

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।



ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM International Newspaper & WEB TV

ਇੰਗਲੈਂਡ ਅਤੇ ਯੌਰਪ ਦੀਆਂ ਸਿੱਖ ਸੰਗਤਾਂ ਲਈ ਖੁਸ਼ਖਬਰੀ

ਆਵਾਜ਼ਿ ਕੌਮ ਟੂਰ & ਟਰੇਵਲਜ਼ ਅਤੇ ਸ: ਰਘਬੀਰ ਸਿੰਘ ਵਲੋਂ

# ਨਨਕਾਣਾ ਸਾਹਿਬ ਯਾਤਰਾ

ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ 5 ਨਵੰਬਰ ਨੂੰ ਸ੍ਰੀ ਨਨਕਾਣਾ ਸਾਹਿਬ ਮਨਾਓ ਜੀ।

ਨਵੰਬਰ 2025
ਬੁਕਿੰਗ ਸ਼ੁਰੂ ਹੈ

ਪਾਕਿਸਤਾਨ ਯਾਤਰਾ ਪੈਕੇਜ
£1650



NOV 2025
Book Now

Pakistan Yatra Package
£1650

**9 Days Yatra - 31 Oct to 8 Nov, 2025**

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਪਿਆਰੀ ਸੰਗਤ ਜੀ, ਵਾਹਿਗੁਰੂ ਜੀ ਕਾ ਖ਼ਾਲਸਾ, ਵਾਹਿਗੁਰੂ ਜੀ ਕੀ ਫਤਹਿ॥
ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ 5 ਨਵੰਬਰ ਨੂੰ ਸ੍ਰੀ ਨਨਕਾਣਾ ਸਮੇਤ ਸੰਸਾਰ ਭਰ ਵਿ'ਚ ਮਨਾਇਆ ਜਾ ਰਿਹਾ ਹੈ। ਸਿੰਘ ਟਰੈਵਲ ਅਤੇ ਗੁਰਧਾਮ ਯਾਤਰਾ ਸੇਵਾ ਸੁਸਾਇਟੀ ਵਲੋਂ 2010 ਤੋਂ ਹਰ ਸਾਲ ਫਰਵਰੀ, ਮਾਰਚ, ਅਪ੍ਰੈਲ, ਸਤੰਬਰ ਅਤੇ ਨਵੰਬਰ ਵਿੱਚ ਸੰਗਤਾਂ ਨੂੰ ਪੰਥ ਤੋਂ ਵਿਛੜੇ ਸ੍ਰੀ ਨਨਕਾਣਾ ਸਾਹਿਬ ਅਤੇ 25 ਤੋਂ ਵੱਧ ਗੁਰਧਾਮਾਂ ਦੇ ਦਰਸ਼ਨ, ਯੌਰਪ ਅਤੇ ਦੁਬਈ ਦੇ ਟੂਰ ਕਰਵਾਏ ਜਾਂਦੇ ਹਨ। ਹੁਣ ਤੱਕ ਕੈਨੇਡਾ, ਅਮਰੀਕਾ, ਇੰਗਲੈਂਡ ਅਤੇ ਯੌਰਪ ਸਮੇਤ ਸੰਸਾਰ ਭਰ ਦੀਆਂ ਹਜਾਰਾਂ ਸੰਗਤਾਂ ਪ੍ਰੀਵਾਰ ਸਮੇਤ ਦਰਸ਼ਨ ਕਰ ਚੁੱਕੀਆਂ ਹਨ, ਤੁਸੀ ਵੀ ਵਧੀਆ ਪ੍ਰਵਾਰਿਕ ਮਾਹੌਲ ਵਿੱਚ ਖੁੱਲੇ ਦਰਸ਼ਨ ਦੀਦਾਰ ਕਰਨ ਅਤੇ ਭਰੋਸੇਯੋਗ ਸੇਵਾਵਾਂ ਲਈ ਅੱਜ ਹੀ ਸੰਪਰਕ ਕਰੋ ਜੀ। ਪੰਜਾਂ ਤਖਤਾਂ ਦੀ ਯਾਤਰਾ ਅਤੇ ਬਜੁਰਗਾਂ ਦੇ ਪਿੰਡ ਵੇਖਣ ਦਾ ਖਾਸ ਪ੍ਰਬੰਧ ਹੈ।

ਸੰਸਾਰ ਭਰ ਵਿੱਚ ਜਾਣ ਲਈ ਸਸਤੀਆਂ ਹਵਾਈ ਟਿਕਟਾਂ ਲਈ ਇਕ ਵਾਰ ਫੋਨ ਜਰੂਰ ਘੁਮਾਓ ਜੀ।

Yatra Expenses from UK: Pakistan 950 + Dubai 695 = From Europe Pakistan 1095 Dubai 795
( Pak Visa, Hotel Twin Share + AC Delux Buses + Veg food + Z+ Security, Attraction Fees & Mineral Water Including the Yatra Expenses)
Special Discount on Yatra for family with Kids & 5 Star Yatra Package available on request



Awaze Qaum Tour & Travels

Tel: + 44 7976 210161

Canada & USA Sangat Call Jasbir Sgh Boparai @
Canada:+1-647-231-1600- USA: +1-716-342-6007

Awaze Qaum Tour & Travels & Raghbir Singh Jatha

SINGH TRAVEL & TOURS LTD.

GURDHAM YATRA & SEVA SOCIETY CANADA GURDHAMYATRA.COM




# YATRA NANKANA SAHIB

## OCT 30 - NOV 8, 2025

ਆਵਾਜ਼ਿ ਕੌਮ AWAZE QAUM International Newspaper & WEB TV


Nankana Sahib


Panja Sahib


kartarpur Sahib

## 25+ Gurdwara's & Historical places darshan

ਸਿੰਘ ਟਰੈਵਲ ਨਾਲ ਇੱਕ ਵਾਰ ਯਾਤਰਾ ਜਰੂਰ ਕਰੋ, ਸਾਡਾ 16 ਸਾਲ ਦਾ ਯਾਤਰਾ ਤਜ਼ਰਬਾ, ਤੁਹਾਡੀ ਯਾਤਰਾ ਯਾਦਗਾਰੀ ਬਣਾ ਦੇਵੇਗਾ।

YATRA WITH SINGH TRAVEL – WE MAKE YOUR YATRA TRULY MEMORABLE!

4 Days Dubai + all meals Ac Buses, 5 Attractions Airport & hotel

UK. 695
Europe. 795

9 Days + Veg meals, Ac Buses, Visa+ Hotels & Z+ Security, Without Ticket

UK. 950
Europe. 1095

Pakistan Yatra 9 Days + Veg meals, Ac Buses, Visa+ Hotels, Z+ Security & Return Air Ticket

UK. 1650

Raghbir Singh
07976 210161

Mangal Singh
07939 486321

Jasbir S. Boparai
+1 647.231.1600


AWAZE QAUM TOUR & TRAVEL (YATRA SINCE 2000)
ਆਵਾਜ਼ਿ ਕੌਮ AWAZE QAUM International Newspaper & WEB TV
YATRA NANKANA SAHIB
WE WILL ALSO BE VISITING 25+ GURDWARA'S AND HISTORICAL PLACES
30 OCT TO 8 NOV, 2025
YATRA INCLUDES:
GURDWARA NANKANA SAHIB
GURDWARA PATTI SAHIB
GURDWARA TAMBU SAHIB
GURDWARA KIARA SAHIB
GURDWARA MALJI SAHIB
GURDWARA BAL LILA SAHIB
GURDWARA SACHA SAUDA
GURDWARA RORI SAHIB
GURDWARA PANJA SAHIB
GURDWARA BEBE DI BER SIALKOT
GURDWARA DERA SAHIB
JANAM ASTHAN BEBE NANKI JI
BHAI LALU JI DA GHAR
JANAM ASTHAN GURU RAMDAS JI
GURDWARA SHRI KARTARPUR SAHIB
GURDWARA SHAHEED GANJ LAHORE
MATA SAHIB KAUR JI JANAM ASTHAN
DARBAR SAI MIAN MIR JI
SHAHI QILA (SIKH FORT)
RAGHBIR SINGH
+44
7976 210 161
PACKAGE INCLUDES:
PAKISTAN VISA+ HOTEL(TWIN SHARE)+
LUXURY TRANSPORT+ VEG. FOOD +
MINERAL WATER AND MUCH MORE
CANADA SANGAT: +1 647.231.1600 – USA SANGAT: +1 716.342.6007




# 350 ਸ਼ਹੀਦੀ ਸਮਾਗਮ

## ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ

**ਸ਼ਹੀਦ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ਸ਼ਹੀਦੀ ਨੂੰ ਸਮਰਪਿਤ**

## 23 ਤੋਂ 26 ਅਕਤੂਬਰ 2025 ਤੱਕ

**23 ਅਕਤੂਬਰ (ਵੀਰਵਾਰ)**
ਪਾਠ ਸ੍ਰੀ ਸੁਖਮਨੀ ਸਾਹਿਬ – ਦੁਪਹਿਰ 3:00 ਵਜੇ
ਦੀਵਾਨ – 3:00 ਵਜੇ ਤੋਂ 8:30 ਵਜੇ ਤੱਕ

**24 ਅਕਤੂਬਰ (ਸ਼ੁੱਕਰਵਾਰ)**
ਦੀਵਾਨ – ਸਵੇਰੇ 5:30 ਵਜੇ ਤੋਂ ਰਾਤ 8:30 ਵਜੇ ਤੱਕ

**25 ਅਕਤੂਬਰ (ਸ਼ਨੀਵਾਰ)**
ਦੀਵਾਨ – ਸਵੇਰੇ 5:30 ਵਜੇ ਤੋਂ ਰਾਤ 9:00 ਵਜੇ ਤੱਕ

**26 ਅਕਤੂਬਰ (ਐਤਵਾਰ)**
ਸ੍ਰੀ ਸਹਿਜ ਪਾਠ ਭੋਗ – ਸਵੇਰੇ 10:00 ਵਜੇ
ਦੀਵਾਨ – ਸਵੇਰੇ 5:30 ਵਜੇ ਤੋਂ ਸ਼ਾਮ 7:00 ਵਜੇ ਤੱਕ

## ਕਾਰ ਪਾਰਕ

ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ
126-128 High St, West Bromwich B70 6JW

ਆਵਾਜ਼ਿ ਕੌਮ AWAZE QAUM International Newspaper & WEB TV

**ਸੈਂਡਵੈਲ ਦੇ ਸਮੂਹ ਗੁਰਦੁਆਰਿਆਂ ਸਾਹਿਬ ਦੇ ਸਹਿਜੋਗ ਨਾਲ ਸਾਂਝੇ ਤੋਰ ਤੇ ਅਤੇ ਸਮੂਹ ਸਾਧ ਸੰਗਤ ਦੇ ਸਹਿਜੋਗ ਨਾਲ ਚਾਰ ਦਿਨਾਂ ੩੫੦ ਸਾਲਾਂ ਸ਼ਹੀਦੀ ਸਮਾਗਮ ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ ਵੈਸਟ ਬਰੋਮਵਿਚ ਦੀ ਕਾਰ ਪਾਰਕਿੰਗ ਵਿੱਚ ਮਨਾਇਆ ਜਾ ਰਿਹਾ ਹੈ**

ਗੁਰਦੁਆਰਾ ਨਾਨਕਸਰ - ਸਮੈਥਵਿਕ
ਗੁਰਦੁਆਰਾ ਸਚਖੰਡ ਇਸ਼ਰ ਦਰਬਾਰ
ਗੁਰਦੁਆਰਾ ਗੁਰੂ ਹਰਗੋਬਿੰਦ ਸਾਹਿਬ ਜੀ ਟਿਵੀਡੇਲ

Sikh Council Sandwell | Guru Nanak Gurdwara | Sri Guru HarRai Sahib Ji | Gurdwara Guru Maneyo Granth Oldbury | Gurdwara Oldbury

Bhai Khalsa Singh – 07454 023665 | Bhai Jatinder Singh – 07955 555840 | Bhai Ranjit Singh – 07587 156997 | Bhai Jagtar Singh – 07769 294279
Bhai Daya Singh (Hilltop) – 07837 529547 | Bhai Harjit Singh – 07950 266522 | Bhai Raghver Singh – 07930 908368 | Bhai Balvinder Singh – 07795 220835
Bhai Varinder Singh – 07435 123456 | Bhai Gurnam Singh – 07816 262046 | Bhai Gurmeet Singh – 07930 347140 | Bhai Daya Singh – 07772 222181


SRI GURU TEGH BAHADUR SAHIB JI
350TH
SHAHEEDI DIVAS
350TH SHAHEEDI SMAGAM
DEDICATED TO THE 350TH SHAHEEDI OF
SRI GURU TEGH BAHADUR SAHIB JI
In memory of Shaheeds Bhai Mati Das Ji, Bhai Sati Das Ji, and Bhai Dayala Ji
23RD – 26TH OCTOBER 2025
23rd October (Thursday)
Path Sri Sukhmani Sahib – 3:00 PM
Divaan – 3:00 PM to 8:30 PM
24th October (Friday)
Divaan – 5:30 AM to 8:30 PM
25th October (Saturday)
Divaan – 5:30 AM to 9:00 PM
26th October (Sunday)
Sri Sehaj Path Bhog – 10:00 AM
Divaan – 5:30 AM to 7:00 PM
SMAGAM HELD IN CAR PARK OF
GURDWARA GURU HAR RAI SAHIB JI
126–128 HIGH ST, WEST BROMWICH B70 6JW
ਆਵਾਜ਼ਿ ਕੌਮ
AWAZE QAUM
International Newspaper & WEB TV
This smagam has been organised by The Sandwell Council of Sikh Gurdware and the Sadh Sangat.
Please come along and attend this four day program with your friends and family to remember the sacrifice of our great shaheeds.
Gurdwara Nanaksar Smethwick
Gurdwara Sachkhand Isher Darbar
Gurdwara Guru Hargobind Sahib Ji Tividale
Sikh Council Sandwell
Guru Nanak Gurdwara
Sri Guru HarRai Sahib Ji
Gurdwara Guru Maneyo Granth OLDBURY
GURDWARA OLDBURY
Bhai Khalsa Singh – 07454 023665 | Bhai Jatinder Singh – 07955 555840 | Bhai Ranjit Singh – 07587 156997 | Bhai Jagtar Singh – 07769 294279
Bhai Daya Singh (Hilltop) – 07837 529547 | Bhai Harjit Singh – 07950 266522 | Bhai Raghver Singh – 07930 908368 | Bhai Balvinder Singh – 07795 220835
Bhai Varinder Singh – 07435 123456 | Bhai Gurnam Singh – 07816 262046 | Bhai Gurmeet Singh – 07930 347140 | Bhai Daya Singh – 07772 222181

SARDARI TRAVELS

SARDARI TRAVELS PROUDLY PRESENTS

# NANKANA SAHIB YATRA 2025

31 October To 08 November

ਆਵਾਜ਼ਿ ਕੌਮ AWAZE QAUM
International Newspaper & WEB TV



Hurry Book Your Seats Now

ਗੁਰਦੁਆਰਾ ਜਨਮ ਅਸਥਾਨ ਸ਼੍ਰੀ ਨਨਕਾਣਾ ਸਾਹਿਬ, ਗੁਰਦੁਆਰਾ ਸ਼੍ਰੀ ਪੰਜਾ ਸਾਹਿਬ, ਗੁਰਦੁਆਰਾ ਸ਼੍ਰੀ ਡੇਹਰਾ ਸਾਹਿਬ, ਗੁਰਦੁਆਰਾ ਸ਼੍ਰੀ ਕਰਤਾਰਪੁਰ ਸਾਹਿਬ।

ਖ਼ਾਲਸਾ ਪੰਥ ਤੋਂ ਵਿਛੜੇ 25 ਤੋਂ ਵੱਧ ਗੁਰਧਾਮਾਂ ਦੀ ਇਤਿਹਾਸਕ ਯਾਤਰਾ।

ਨੋਟ - ਜੋ ਧਾਰਮਿਕ ਯਾਤਰਾ ਕਰਨ ਦੇ ਚਾਹਵਾਨ ਹਨ ਅਤੇ ਪੈਸੇ ਇਕੱਠੇ ਨਹੀਂ ਦੇ ਸਕਦੇ। ਉਹ ਸਾਨੂੰ ਪੈਸੇ ਕਿਸਤਾਂ ਰਾਹੀਂ ਵੀ ਅਦਾ ਕਰ ਸਕਦੇ ਹਨ।

ਕਿਸੇ ਵੀ ਤਰ੍ਹਾਂ ਦੀ ਵਧੇਰੇ ਜਾਣਕਾਰੀ ਲਈ ਸੰਪਰਕ ਕਰੋ -

ਸੁਲੱਖਣ ਸਿੰਘ ਇਟਲੀ +39 3471560734

Via, G.B.MORONI,11, GORLAGO BERGAMO. ITALY.






# 23 ਨਵੰਬਰ 2025 ਓਟਵਾ ਕੈਨੇਡਾ

## ਗੋਲੀ ਦਾ ਜੁਆਬ ਵੋਟਾਂ ਨਾਲ ਅਤੇ ਜਬਰ ਦਾ ਮੁਕਾਬਲਾ ਸਬਰ ਨਾਲ

**ਸਿੱਖ ਪੰਥ ਦੀ ਆਜ਼ਾਦੀ ਲਈ ਚਲ ਰਹੇ ਮੌਜੂਦਾ ਸੰਘਰਸ਼ ਵਿਚ ਖਾਲਿਸਤਾਨ ਰੈਫਰੰਡਮ ਦੀਆਂ ਵੋਟਾਂ ਦਾ ਅਗਲਾ ਪੜਾਅ ਓਟਵਾ ਕੈਨੇਡਾ ਵਿਖੇ 23 ਨਵੰਬਰ ਨੂੰ ਹੋ ਰਿਹਾ ਹੈ ਇਸ ਨੂੰ ਸਫਲ ਬਣਾਉਣ ਲਈ ਭਾਰੀ ਗਿਣਤੀ ਵਿਚ ਵੋਟਿੰਗ ਕਰਣ ਦੀ ਅਪੀਲ**



ਜਾਰੀ ਕਰਤਾ

ਆਵਾਜ਼ਿ ਕੌਮ AWAZE QAUM
International Newspaper & WEB TV

# ਜਸਕਰਨਪ੍ਰੀਤ ਸਿੰਘ




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### IWA GB ਵੱਲੋਂ ਟੋਰੀ ਐਮਪੀ ਦੇ ਕਾਨੂੰਨੀ ਤੌਰ 'ਤੇ ਵਸੇ

# ਪਰਿਵਾਰਾਂ ਨੂੰ ਕੱਢਣ ਦੇ ਨਸਲੀ ਬਿਆਨ ਦੀ ਤਿੱਖੀ ਨਿੰਦਾ

**ਲੰਡਨ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਇੰਡਿਅਨ ਵਰਕਰਜ਼ ਅਸੋਸੀਏਸ਼ਨ (ਗ੍ਰੇਟ ਬ੍ਰਿਟੇਨ) ਨੇ ਟੋਰੀ ਸੰਸਦ ਮੈਂਬਰ ਕੇਟੀ ਲੈਮ ਵੱਲੋਂ ਦਿੱਤੇ ਗਏ ਨਸਲੀ ਅਤੇ ਖਤਰਨਾਕ ਬਿਆਨ ਦੀ ਸਖ਼ਤ ਨਿੰਦਾ ਕੀਤੀ ਹੈ। ਲੈਮ ਨੇ ਹਾਲ ਹੀ ਵਿੱਚ ਕਿਹਾ ਸੀ ਕਿ ਕਾਨੂੰਨੀ ਤੌਰ 'ਤੇ ਬ੍ਰਿਟੇਨ 'ਚ ਬਸੇ ਪਰਿਵਾਰਾਂ ਨੂੰ ਦੇਸ਼ 'ਚੋਂ ਕੱਢ ਦਿੱਤਾ ਜਾਣਾ ਚਾਹੀਦਾ ਹੈ ਤਾਂ ਜੋ ਬ੍ਰਿਟੇਨ "ਸੰਸਕ੍ਰਿਤਿਕ ਤੌਰ 'ਤੇ ਇਕਰੂਪ" ਬਣ ਸਕੇ। IWA(GB) ਨੇ ਕਿਹਾ ਕਿ ਇਹ ਬਿਆਨ ਉਹਨਾਂ ਲੱਖਾਂ ਪ੍ਰਵਾਸੀ ਪਰਿਵਾਰਾਂ 'ਤੇ ਸਿੱਧਾ ਹਮਲਾ ਹੈ, ਜਿਨ੍ਹਾਂ ਨੇ ਕਾਨੂੰਨੀ ਤੌਰ 'ਤੇ ਇੱਥੇ ਆ ਕੇ ਬ੍ਰਿਟੇਨ ਦੀ ਅਰਥਵਿਵਸਥਾ ਨੂੰ ਮਜ਼ਬੂਤ ਕੀਤਾ ਅਤੇ ਇਸ ਦੇ ਸਭਿਆਚਾਰ ਨੂੰ ਸੰਮ੍ਰਿਧ ਕੀਤਾ ਹੈ। "ਇਹ ਤਰ੍ਹਾਂ ਦੀ ਭਾਸ਼ਾ ਨਫਰਤ ਅਤੇ ਵੰਡ ਦੀ ਰਾਜਨੀਤੀ ਦਾ ਹਿੱਸਾ ਹੈ — ਜੋ ਆਧੁਨਿਕ, ਇਨਸਾਫ਼ਪਸੰਦ ਤੇ ਬਰਾਬਰੀ ਵਾਲੇ ਬ੍ਰਿਟੇਨ ਲਈ ਸ਼ਰਮਨਾਕ ਹੈ," — IWA(GB)




"ਕੇਟੀ ਲੈਮ ਦਾ ਬਿਆਨ ਨਸਲਵਾਦੀ ਤੇ ਅਸਵੀਕਾਰਯੋਗ" — ਸੀਤੱਲ ਸਿੰਘ ਗਿੱਲ

ਸੰਗਠਨ ਦੇ ਜਨਰਲ ਸਕੱਤਰ ਸੀਤੱਲ ਸਿੰਘ ਗਿੱਲ ਨੇ ਕਿਹਾ: "ਕੇਟੀ ਲੈਮ ਦਾ ਬਿਆਨ ਬਹੁਤ ਹੀ ਅਪਮਾਨਜਨਕ ਅਤੇ ਅਸਵੀਕਾਰਯੋਗ ਹੈ। ਜਿਨ੍ਹਾਂ ਪਰਿਵਾਰਾਂ ਨੇ ਇੱਥੇ ਕਾਨੂੰਨੀ ਤੌਰ ਤੇ ਆ ਕੇ ਮਿਹਨਤ ਨਾਲ ਕੰਮ ਕੀਤਾ, ਟੈਕਸ ਦਿੱਤੇ ਅਤੇ ਬ੍ਰਿਟੇਨ ਦੀ ਜ਼ਿੰਦਗੀ ਦਾ ਹਿੱਸਾ ਬਣੇ — ਉਹ ਬਰਤਾਨੀਆ ਦੇ ਸ਼ਹਿਰੀ ਹੀ ਹਨ। ਉਹ ਹਸਪਤਾਲਾਂ 'ਚ ਕੰਮ ਕਰਦੇ ਹਨ, ਟੈਕਸੀ ਚਲਾਉਂਦੇ ਹਨ, ਫੈਕਟਰੀਆਂ ਤੇ ਦੁਕਾਨਾਂ 'ਚ ਸੇਵਾ ਕਰਦੇ ਹਨ ਅਤੇ ਬਜ਼ੁਰਗਾਂ ਦੀ ਦੇਖਭਾਲ ਕਰਦੇ ਹਨ। ਉਨ੍ਹਾਂ ਨੂੰ 'ਘਰ ਵਾਪਸ ਜਾਓ' ਕਹਿਣਾ ਸਿਰਫ਼ ਨਸਲਵਾਦ ਨਹੀਂ, ਸਗੋਂ ਬ੍ਰਿਟਿਸ਼ ਮੁੱਲਾਂ ਨਾਲ ਧੋਖਾ ਹੈ।"

**ਕਨਜ਼ਰਵੇਟਿਵ ਨੇਤ੍ਰਿਤਵ ਅਤੇ ਪ੍ਰਧਾਨ ਮੰਤਰੀ ਨੂੰ ਅਪੀਲ** : ਗਿੱਲ ਨੇ ਕਨਜ਼ਰਵੇਟਿਵ ਪਾਰਟੀ ਦੀ ਲੀਡਰ ਕੈਮੀ ਬੇਡਨੋਕ ਨੂੰ ਅਪੀਲ ਕੀਤੀ ਕਿ ਉਹ ਕੇਟੀ ਲੈਮ ਦੇ ਬਿਆਨ ਤੋਂ ਖੁੱਲ੍ਹੀ ਤੌਰ 'ਤੇ ਦੂਰੀ ਬਣਾਉਣ ਅਤੇ ਉਨ੍ਹਾਂ ਖ਼ਿਲਾਫ਼ ਅਨੁਸ਼ਾਸਨਾਤਮਕ ਕਾਰਵਾਈ ਕਰਨ। "ਜੇਕਰ ਕਨਜ਼ਰਵੇਟਿਵ ਨੇਤ੍ਰਿਤਵ ਚੁੱਪ ਰਿਹਾ, ਤਾਂ ਇਹ ਚੁੱਪੀ ਸਾਂਝੀਦਾਰੀ ਮੰਨੀ ਜਾਵੇਗੀ," ਗਿੱਲ ਨੇ ਕਿਹਾ। "ਬ੍ਰਿਟੇਨ ਦੇ ਰਾਜਨੀਤਿਕ ਨੇਤਾਵਾਂ ਨੂੰ ਨਫਰਤ ਭਰੇ ਬਿਆਨਾਂ ਦੇ ਵਿਰੁੱਧ ਖੜ੍ਹਾ ਹੋਣਾ ਚਾਹੀਦਾ ਹੈ ਅਤੇ ਸਾਰੇ ਕਾਨੂੰਨੀ ਤੌਰ ਤੇ ਰਹਿੰਦੇ ਲੋਕਾਂ ਦੇ ਹੱਕਾਂ ਦੀ ਰੱਖਿਆ ਕਰਨੀ ਚਾਹੀਦੀ ਹੈ।"

ਇਸਦੇ ਨਾਲ ਹੀ, IWA(GB) ਨੇ ਪ੍ਰਧਾਨ ਮੰਤਰੀ ਕੀਅਰ ਸਟਾਰਮਰ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਸਰਕਾਰ ਵੱਲੋਂ ਇਹ ਸਪਸ਼ਟ ਯਕੀਨ ਦਵਾਏ ਕਿ ਕਾਨੂੰਨੀ ਤੌਰ 'ਤੇ ਬਸੇ ਹੋਏ ਲੋਕਾਂ ਦੇ ਹੱਕ — ਖ਼ਾਸ ਤੌਰ 'ਤੇ ਜਿਨ੍ਹਾਂ ਕੋਲ Indefinite Leave to Remain (ILR) ਜਾਂ ਬ੍ਰਿਟਿਸ਼ ਨਾਗਰਿਕਤਾ ਹੈ — ਕਦੇ ਵੀ ਖ਼ਤਰੇ ਵਿੱਚ ਨਹੀਂ ਪੈਣਗੇ।

**"ਨਸਲ ਜਾਂ ਸਭਿਆਚਾਰ ਦੇ ਨਾਂ 'ਤੇ ਵੰਡਣ ਨਹੀਂ ਦਿੱਤਾ ਜਾਵੇਗਾ"**-"ਅਸੀਂ ਸਾਰੇ ਰਾਜਨੀਤਿਕ ਦਲਾਂ ਨੂੰ ਯਾਦ ਦਿਵਾਉਂਦੇ ਹਾਂ ਕਿ ਬ੍ਰਿਟੇਨ ਦੀ ਤਰੱਕੀ ਪ੍ਰਵਾਸੀ ਮਜ਼ਦੂਰਾਂ ਦੀ ਮਿਹਨਤ ਨਾਲ ਹੋਈ ਹੈ। ਕਿਸੇ ਨੂੰ ਵੀ ਸਾਨੂੰ ਨਸਲ ਜਾਂ ਸਭਿਆਚਾਰ ਦੇ ਨਾਂ 'ਤੇ ਵੰਡਣ ਨਹੀਂ ਦਿੱਤਾ ਜਾਵੇਗਾ," ਗਿੱਲ ਨੇ ਕਿਹਾ। IWA(GB) ਨੇ ਕਿਹਾ ਕਿ ਸੰਗਠਨ ਸਾਰੇ ਪ੍ਰਵਾਸੀ ਅਤੇ ਘੱਟਗਿਣਤੀ ਭਾਈਚਾਰਿਆਂ ਨਾਲ ਏਕਜੁੱਟਤਾ ਵਿੱਚ ਖੜ੍ਹਾ ਹੈ ਅਤੇ ਨਸਲਵਾਦ, ਵਿਤਕਰੇ ਅਤੇ ਅਤਿਵਾਦੀ ਰੁਝਾਨਾਂ ਦੇ ਖ਼ਿਲਾਫ਼ ਹਰ ਪੱਧਰ 'ਤੇ ਲੜਾਈ ਜਾਰੀ ਰੱਖੇਗਾ — ਚਾਹੇ ਉਹ ਸਰਕਾਰੀ ਨੀਤੀਆਂ, ਰਾਜਨੀਤੀ ਜਾਂ ਮੀਡੀਆ ਰਾਹੀਂ ਆਉਣ।

### ਜਿਨ੍ਹਾਂ ਲੋਕਾਂ ਨੇ ਬ੍ਰਿਟੇਨ ਨੂੰ ਆਪਣਾ ਘਰ ਬਣਾਇਆ

# ਉਨ੍ਹਾਂ ਨੂੰ ਧਮਕਾਉਣਾ ਬੰਦ ਕਰੋ : IWA GB

**ਲੰਡਨ, 19 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਇੰਡਿਅਨ ਵਰਕਰਜ਼ ਐਸੋਸੀਏਸ਼ਨ (ਗ੍ਰੇਟ ਬ੍ਰਿਟੇਨ) ਨੇ ਯੂ.ਕੇ. ਵਿੱਚ ਚੱਲ ਰਹੀ ਇਮੀਗ੍ਰੇਸ਼ਨ ਬਹਿਸ 'ਤੇ ਗੰਭੀਰ ਚਿੰਤਾ ਜਤਾਈ ਹੈ ਅਤੇ ਕਿਹਾ ਹੈ ਕਿ ਜੋ ਲੋਕ ਕਈ ਸਾਲਾਂ ਤੋਂ ਬ੍ਰਿਟੇਨ ਦੀ ਆਰਥਿਕਤਾ ਤੇ ਸਮਾਜਿਕ ਜੀਵਨ ਦਾ ਹਿੱਸਾ ਬਣੇ ਹੋਏ ਹਨ — ਉਹਨਾਂ ਨੂੰ ਅਣਸੁਰੱਖਿਅਤ ਮਹਿਸੂਸ ਕਰਵਾਉਣਾ ਅਨੁਚਿਤ ਹੈ।



ਸੰਗਠਨ ਦੇ ਜਨਰਲ ਸਕੱਤਰ ਸੀਤਲ ਸਿੰਘ ਗਿੱਲ ਨੇ ਕਿਹਾ ਕਿ ਕਈ ਮਾਈਗਰੈਂਟ, ਜਿਨ੍ਹਾਂ ਕੋਲ ਇਨਡੈਫਿਨਿਟ ਲੀਵ ਟੂ ਰੀਮੇਨ (ILR) ਹੈ ਅਤੇ ਜਿਨ੍ਹਾਂ ਨੇ ਦਹਾਕਿਆਂ ਤੱਕ ਇਸ ਦੇਸ਼ ਲਈ ਮਿਹਨਤ ਕੀਤੀ ਹੈ, ਉਹਨਾਂ ਨਾਲ ਅਜਿਹਾਂ ਵਿਹਾਰ ਕੀਤਾ ਜਾ ਰਿਹਾ ਹੈ ਜਿਵੇਂ ਉਹ ਬਾਹਰਲੇ ਹੋਣ। "ਜੋ ਲੋਕ ਬ੍ਰਿਟੇਨ ਨੂੰ ਆਪਣਾ ਘਰ ਮੰਨਦੇ ਹਨ, ਮਿਹਨਤ ਕਰਦੇ ਹਨ, ਟੈਕਸ ਭਰਦੇ ਹਨ ਅਤੇ ਪਰਿਵਾਰ ਪਾਲਦੇ ਹਨ — ਉਹਨਾਂ ਨੂੰ ਡਰ ਵਿੱਚ ਜੀਣ ਲਈ ਮਜਬੂਰ ਨਹੀਂ ਕੀਤਾ ਜਾਣਾ ਚਾਹੀਦਾ," ਗਿੱਲ ਨੇ ਕਿਹਾ। "ਉਹ ਸਾਡੇ ਹਸਪਤਾਲਾਂ, ਕੇਅਰ ਹੋਮਾਂ, ਫੈਕਟਰੀਆਂ, ਟੈਕਸੀਆਂ ਅਤੇ ਦੁਕਾਨਾਂ ਵਿੱਚ ਕੰਮ ਕਰਦੇ ਹਨ। ਉਹਨਾਂ ਨੇ ਆਪਣੀ ਮਿਹਨਤ ਤੇ ਦਿਲ ਨਾਲ ਇਸ ਦੇਸ਼ ਦੀ ਨੀਂਹ ਮਜ਼ਬੂਤ ਕੀਤੀ ਹੈ।" ਗਿੱਲ ਨੇ ਚੇਤਾਵਨੀ ਦਿੱਤੀ ਕਿ ਸਰਕਾਰ ਵੱਲੋਂ ਲਿਆਂਦੇ ਜਾ ਰਹੇ ਨਵੇਂ ਵੀਜ਼ਾ ਨਿਯਮ — ਜਿਵੇਂ ਉੱਚੇ ਅੰਗਰੇਜ਼ੀ ਟੈਸਟ, ਵੱਧ ਤਨਖਾਹ ਦੀਆਂ ਸ਼ਰਤਾਂ ਅਤੇ ਪਰਿਵਾਰਾਂ ਲਈ ਕਠਿਨ ਪਾਬੰਦੀਆਂ — ਸਭ ਤੋਂ ਵੱਧ ਨੁਕਸਾਨ ਵਰਕਿੰਗ-ਕਲਾਸ ਪਰਿਵਾਰਾਂ ਨੂੰ ਪਹੁੰਚਾਉਣਗੇ ਉਨ੍ਹਾਂ ਕਿਹਾ ਕਿ ਬਹੁਤ ਸਾਰੇ ਮਾਈਗਰੈਂਟ ਪਹਿਲਾਂ ਹੀ ਘੱਟ ਤਨਖਾਹ 'ਤੇ ਲੰਮੇ ਘੰਟੇ ਕੰਮ ਕਰਦੇ ਹਨ ਅਤੇ ਮਹਿੰਗਾਈ ਨਾਲ ਜੂਝ ਰਹੇ ਹਨ, ਇਸ ਲਈ ਇਹ ਨਵੇਂ ਨਿਯਮ ਉਹਨਾਂ ਦੀ ਜ਼ਿੰਦਗੀ ਹੋਰ ਮੁਸ਼ਕਲ ਬਣਾਉਣਗੇ। ਗਿੱਲ ਨੇ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕੀਤੀ ਕਿ ਇਮੀਗ੍ਰੇਸ਼ਨ ਨੂੰ ਲੋਕਾਂ ਦੀ ਜ਼ਿੰਦਗੀ ਨਾਲ ਖੇਡ ਬਣਾਉਣਾ ਬੰਦ ਕੀਤਾ ਜਾਵੇ ਅਤੇ ਮਾਈਗਰੈਂਟਾਂ ਨਾਲ ਇਨਸਾਫ਼ ਤੇ ਆਦਰ ਦਾ ਸਲੂਕ ਕੀਤਾ ਜਾਵੇ। "ਧਮਕੀਆਂ ਬੰਦ ਕਰੋ। ਫਰਕ ਪਾਉਣਾ ਬੰਦ ਕਰੋ। ਇਮੀਗ੍ਰੇਸ਼ਨ ਨੂੰ ਰਾਜਨੀਤਿਕ ਹਥਿਆਰ ਬਣਾਉਣਾ ਬੰਦ ਕਰੋ," ਗਿੱਲ ਨੇ ਕਿਹਾ। "ਬ੍ਰਿਟੇਨ ਉਹ ਦੇਸ਼ ਬਣਿਆ ਰਹੇ ਜੋ ਹਰ ਉਸ ਵਿਅਕਤੀ ਲਈ ਇਨਸਾਫ਼ੀ ਤੇ ਸੁਆਗਤੀ ਹੋਵੇ ਜੋ ਇਸ ਦੇਸ਼ ਲਈ ਯੋਗਦਾਨ ਪਾਉਂਦਾ ਹੈ।"


### ਲੰਘੀ ਰਾਤ ਮੋਟਰਸਾਇਕਲਾਂ ਦੀ ਦੁਕਾਨ ਨੂੰ ਲੱਗੀ ਅੱਗ

# ਭਾਰੀ ਨੁਕਸਾਨ, ਮੁਆਵਜ਼ੇ ਦੀ ਮੰਗ

**ਤਲਵੰਡੀ ਸਾਬੋ, 22 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਜਿੱਥੇ ਬੀਤੀ ਸ਼ਾਮ ਸਭਨੇ ਦੀਵਾਲੀ ਮਨਾਉਦਿਆਂ ਦੀਵੇ ਜਲਾਏ ਅਤੇ ਪਟਾਕੇ ਚਲਾ ਕੇ ਖੁਸ਼ੀ ਮਨਾਈ ਉਥੇ ਦੂਜੇ ਪਾਸੇ ਅੱਗ ਲੱਗਣ ਦੇ ਨਾਲ ਭਾਰੀ ਨੁਕਸਾਨ ਦੀਆਂ ਖਬਰਾਂ ਵੀ ਸਾਹਮਣੇ ਆ ਰਹੀਆਂ ਹਨ। ਇਸਦੇ ਚਲਦਿਆਂ ਲੰਘੀ ਰਾਤ ਪਿੰਡ ਨਥੇਹਾ ਦੇ ਬੱਸ ਸਟੈਂਡ ਕੋਲ ਮੋਟਸਾਈਕਲਾਂ ਦੀ ਦੁਕਾਨ ਨੂੰ ਅੱਗ ਲੱਗ ਗਈ ਜਿਸ ਨਾਲ ਲੱਖਾਂ ਦੀ ਨੁਕਸਾਨ ਹੋ ਗਿਆ ਹੈ। ਅੱਗ ਲੱਗਣ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ। ਇਕਬਾਲ ਸਿੰਘ ਅਤੇ ਮਲਕੀਤ ਸਿੰਘ ਨੰਗਲਾ ਨੇ ਦੱਸਿਆ ਕਿ ਪੀੜਿਤ ਦੁਕਾਨ ਮਾਲਕ ਸਤਨਾਮ ਸਿੰਘ ਪੁੱਤਰ ਭੀਮ ਸਿੰਘ ਪਿੰਡ ਨੰਗਲਾ ਨੇ ਵੀਹ ਕੁ ਦਿਨ ਪਹਿਲਾਂ ਬੱਸ ਸਟੈਂਡ ਨਥੇਹਾ ਵਿਖੇ ਦੁਕਾਨ ਕੀਤੀ ਸੀ ਜਿਸ ਵਿੱਚ ਨਵੇਂ ਤੇ ਮੁਰੰਮਤ ਕਰਵਾਉਣ ਲਈ ਪੁਰਾਣੇ ਮੋਟਸਾਈਕਲ ਖੜ੍ਹੇ ਕੀਤੇ ਹੋਏ ਸਨ, ਜਿਹੜੇ ਸੜ ਕੇ ਸੁਆਹ ਹੋ ਗਏ ਹਨ। ਉਹਨਾਂ ਦੱਸਿਆ ਕਿ ਸਵੇਰੇ ਉਦੋਂ ਪਤਾ ਲੱਗਿਆ ਜਦੋਂ ਮਾਰਕੀਟ ਖੁੱਲਣੀ ਸ਼ੁਰੂ ਹੋਈ ਪਰ ਅੱਗ ਲੱਗਣ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ। ਉਹਨਾਂ ਦੱਸਿਆ ਕਿ ਪੁਲਿਸ ਚੌਕੀ ਸੀਂਗੋ ਮੰਡੀ ਵਿਖੇ ਰਿਪੋਰਟ ਲਿਖਵਾ ਦਿੱਤੀ ਹੈ। ਦੁਕਾਨਦਾਰਾਂ ਵਲੋਂ ਪ੍ਰਸ਼ਾਸ਼ਨ ਅਤੇ ਸਰਕਾਰ ਪਾਸੋਂ ਮੰਗ ਕੀਤੀ ਹੈ ਕਿ ਨੁਕਸਾਨ ਦੀ ਭਰਪਾਈ ਕੀਤੀ ਜਾਵੇ।




## ਅਨੰਦਪੁਰ ਸਾਹਿਬ ਸੈਸ਼ਨ ਸਿੱਖ ਭਾਵਨਾਵਾਂ ਨਾਲ ਖੇਡਣ ਦੀ ਕੋਸ਼ਿਸ਼ — ਗਿਆਨੀ ਹਰਪ੍ਰੀਤ ਸਿੰਘ (ਪ੍ਰਧਾਨ ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ)



**ਚੰਡੀਗੜ੍ਹ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਆਮ ਆਦਮੀ ਪਾਰਟੀ ਵੱਲੋਂ ਅਨੰਦਪੁਰ ਸਾਹਿਬ ਵਿੱਚ ਵਿਧਾਨ ਸਭਾ ਸੈਸ਼ਨ ਬੁਲਾਉਣ ਦੇ ਫ਼ੈਸਲੇ ਨੂੰ ਤਿੱਖੇ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਇਸਨੂੰ ਸਿੱਖ ਭਾਵਨਾਵਾਂ ਨਾਲ ਖੇਡਣ ਦੀ ਕੋਸ਼ਿਸ਼ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਵਿੱਚ ਪੰਜਾਬ ਦੀ ਅਧਿਕਾਰਿਤ ਵਿਧਾਨ ਸਭਾ ਹੋਣ ਦੇ ਬਾਵਜੂਦ ਅਨੰਦਪੁਰ ਸਾਹਿਬ ਵਿੱਚ ਵੱਖਰਾ ਸੈਸ਼ਨ ਬੁਲਾਉਣਾ ਸਿਰਫ਼ ਸਿਆਸੀ ਮੁਫ਼ਾਦ ਅਤੇ ਦਿਖਾਵੇ ਲਈ ਕੀਤਾ ਜਾ ਰਿਹਾ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਇਸ ਕਦਮ ਨੂੰ "ਸਿਰਫ਼ ਸਿਆਸੀ ਡਰਾਮੇਬਾਜ਼ੀ" ਕਰਾਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਜਿਹੜੇ ਕੰਮ ਸਰਕਾਰ ਨੂੰ ਪਿਛਲੇ ਸਾਢੇ ਤਿੰਨ ਸਾਲਾਂ ਦੌਰਾਨ ਵਿਧਾਨ ਸਭਾ ਵਿੱਚ ਕਰਨੇ ਚਾਹੀਦੇ ਸਨ, ਉਹਨਾਂ ਵਿੱਚ ਇੱਕ ਵੀ ਅੱਗੇ ਕਦਮ ਨਹੀਂ ਚੁੱਕਿਆ ਗਿਆ। ਹੁਣ ਇੱਕ ਦਿਨ ਦੇ ਪ੍ਰਤੀਕਾਤਮਕ ਸੈਸ਼ਨ ਲਈ ਕਰੋੜਾਂ ਰੁਪਏ ਬਰਬਾਦ ਕੀਤੇ ਜਾ ਰਹੇ ਹਨ, ਜੋ ਜਨਤਕ ਪੈਸੇ ਦੀ ਖੁੱਲ੍ਹੀ ਬਰਬਾਦੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਹੀ ਫੰਡ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਨਾਮ 'ਤੇ ਮੈਡੀਕਲ ਕਾਲਜ ਬਣਾਉਣ ਲਈ ਵਰਤੇ ਜਾ ਸਕਦੇ ਸਨ, ਜਿਸ ਨਾਲ ਸਿੱਖਾਂ ਅਤੇ ਪੰਜਾਬ ਦੇ ਲੋਕਾਂ ਨਾਲ ਜੁੜੇ ਇਨਸਾਫ਼ ਦੇ ਮੁੱਦੇ ਹੱਲ ਹੋ ਸਕਦੇ ਸਨ — ਜਿਨ੍ਹਾਂ ਨੂੰ ਵਰਤ ਕੇ "ਆਮ ਆਦਮੀ ਪਾਰਟੀ" ਨੇ ਸੱਤਾ ਹਾਸਲ ਕੀਤੀ ਸੀ। ਉਨ੍ਹਾਂ ਸਵਾਲ ਉਠਾਇਆ ਕਿ ਖ਼ਾਲਸੇ ਦੀ ਧਰਤੀ 'ਤੇ ਹੋ ਰਹੇ ਇਸ ਪ੍ਰਤੀਕਾਤਮਕ ਸੈਸ਼ਨ ਵਿੱਚ ਕੀ ਸਿੱਖ ਮਸਲਿਆਂ, ਬੇਅਦਬੀ ਮਾਮਲਿਆਂ ਅਤੇ ਮੌੜ ਬੰਬ ਧਮਾਕੇ ਬਾਰੇ ਵਾਈਟ ਪੇਪਰ ਜਾਰੀ ਕੀਤਾ ਜਾਵੇਗਾ — ਜਾਂ ਇਹ ਵੀ ਸਿਰਫ਼ ਸਿਆਸੀ ਨਾਟਕ ਦਾ ਹਿੱਸਾ ਹੀ ਹੈ।

## ਬੂਟੇ ਲਗਾ ਕੇ ਮਨਾਇਆ ਵਿਸ਼ਵਕਰਮਾ ਦਿਵਸ : ਪਠਲਾਵਾ ਸੰਸਥਾ



ਜਿਲਾ ਸ਼ਹੀਦ ਭਗਤ ਸਿੰਘ ਨਗਰ ਦੀ ਸਿਰਮੌਰ ਸਮਾਜ ਸੇਵੀ ਸੰਸਥਾ,ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਵਲੋਂ, ਵਿਸ਼ਵ ਪ੍ਰਸਿੱਧ ਭਵਨ ਨਿਰਮਾਣ, ਸ਼ਿਲਪ ਕਲਾ ਦੇ ਪਿਤਾਮਾ ਅਤੇ ਕਿਰਤ ਦੇ ਦੇਵਤਾ ਸ੍ਰੀ ਵਿਸ਼ਵਕਰਮਾ ਜੀ ਦਾ ਜਨਮ ਦਿਨ ਪਠਲਾਵਾ ਤੋਂ ਗੁਜ਼ਰ ਪੁਰ ਖੁਰਦ ਰੋਡ ਨਜ਼ਦੀਕ ਦਾਣਾਂ ਮੰਡੀ ਵਿਖੇ ਬੂਟੇ ਲਗਾ ਕੇ ਮਨਾਇਆ ਗਿਆ। ਇਸ ਅਵਸਰ ਤੇ ਬੋਲਦਿਆਂ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਅਤੇ ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਆਖਿਆ ਕਿ ਭਾਰਤੀ ਇਤਹਾਸ ਦਾ ਪਿਛੋਕੜ ਬੁਹਤ ਹੀ ਅਮੀਰ, ਗੌਰਵਮਈ ਅਤੇ ਪ੍ਰੇਰਨਾਦਾਇਕ ਹੈ ਸ੍ਰੀ ਵਿਸ਼ਵਕਰਮਾ ਜੀ ਜਿਨਾਂ ਦਾ ਜਨਮ ਦਿਨ ਪੂਰੀ ਦੁਨੀਆ ਵਿਚ ਬੜੇ ਚਾਅ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਕਿਰਤ ਦੇ ਦੇਵਤਾ ਦੀ ਉਪਮਾ ਕਰਦਿਆਂ ਬੁਲਾਰਿਆਂ ਨੇ ਆਖਿਆ ਕਿ ਕਿਰਤੀ ਅਤੇ ਕਾਰੀਗਰ ਲੋਕ ਜਿਥੇ ਵਿਸ਼ਵਕਰਮਾ ਜੀ ਦੀ ਕਾਰਾਗਿਰੀ ਨੂੰ ਯਾਦ ਕਰਦੇ ਹਨ ਉਥੇ ਕਿਰਤ ਕਰਨ ਵਾਲੇ ਲੋਕ ਆਪਣੇ ਔਜ਼ਾਰਾ ਦੀ ਪੂਜਾ ਵੀ ਕਰਦੇ ਹਨ। ਆਪਣੇ ਵਿਚਾਰ ਪੇਸ਼ ਕਰਦਿਆਂ ਸੰਸਥਾ ਦੇ ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ,ਮਾ ਸੁਰਿੰਦਰ ਸਿੰਘ ਕਰਮ, ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ, ਅਤੇ ਲੈਕਚਰਾਰ ਤਰਸੇਮ ਪਠਲਾਵਾ ਨੇ ਦੱਸਿਆ ਕਿ ਸੰਸਥਾ ਵਲੋਂ ਕੁਦਰਤੀ ਸੰਤੁਲਨ ਨੂੰ ਬਣਾਈ ਰੱਖਣ ਲਈ ਸੰਸਥਾ ਦੇ ਯੂਨੀਕ ਪਰੋਜੈਕਟ ਸਾਂਝੀਆਂ ਛਾਵਾਂ ਤਹਿਤ ਬੂਟੇ ਲਗਾਉਣ ਦੀ ਮੁਹਿੰਮ ਨੂੰ ਭਵਿੱਖ ਵਿਚ ਵੀ ਜਾਰੀ ਰੱਖਿਆ ਜਾਵੇਗਾ। ਉਹਨਾਂ ਕਿਹਾ ਆਉਣ ਵਾਲੇ ਦਿਨਾਂ ਵਿਚ ਵੀ ਸੰਸਥਾ ਵਲੋਂ ਜਿਥੇ ਨੌਵੇਂ ਪਾਤਸ਼ਾਹ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਦੋ ਹਜ਼ਾਰ ਬੂਟੇ ਲਗਾ ਕੇ ਜੰਗਲ ਦੀ ਸਥਾਪਤ ਕੀਤਾ ਗਈ ਹੈ ਉਸ ਦੇ ਨਾਲ ਇਸ ਜਗਾ ਨੂੰ ਹੋਰ ਸਜਾਵਟੀ ਤੇ ਖ਼ੂਬਸੂਰਤ ਬਨਾਉਣ ਲਈ ਬੂਟੇ ਲਗਾਉਣ ਦੀ ਮੁਹਿੰਮ ਨੂੰ ਜਾਰੀ ਰੱਖਿਆ ਜਾਵੇਗਾ। ਇਸ ਅਵਸਰ ਤੇ ਹੋਰਨਾਂ ਤੋਂ ਇਲਾਵਾ ਸੰਸਥਾ ਦਾ ਵਰਕਰ ਦੀਪ ਚੰਦ ਬਰੇਲੀ, ਗੁਰਮੀਤ ਸਿੰਘ ਅਗਾਂਹਵਧੂ ਕਿਸਾਨ ਪਠਲਾਵਾ , ਸਤੀਸ਼ ਕੁਮਾਰ ਐਮਾਂ ਜੱਟਾਂ, ਕਾਕਾ ਪ੍ਰਭਜੋਤ ਸਿੰਘ ਪਠਲਾਵਾ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅਲਵਰ ਤੋਂ

# ਅਗਲੇ ਪੜਾਅ ਦਿੱਲੀ ਲਈ ਰਵਾਨਾ



**ਨਵੀਂ ਦਿੱਲੀ, 22 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿਚ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਅਲਵਰ ਰਾਜਿਸਥਾਨ ਤੋਂ ਆਪਣੇ ਅਗਲੇ ਪੜਾਅ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਗ੍ਰੇਟਰ ਕੈਲਾਸ਼ ਦਿੱਲੀ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਉਨ੍ਹਾਂ ਨੌਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਦੇ ਇਤਿਹਾਸ ਨੂੰ ਸੰਗਤਾਂ ਨਾਲ ਸਾਂਝਾ ਕੀਤਾ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਵੰਬਰ ਮਹੀਨੇ ਹੋ ਰਹੇ ਸ਼ਤਾਬਦੀ ਸਮਾਗਮਾਂ ਸਮੇਂ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ। ਨਗਰ ਕੀਰਤਨ ਦੀ ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਸ. ਹਰਪ੍ਰੀਤ ਸਿੰਘ ਬੱਗਾ, ਸ. ਸਲੋਕ ਸਿੰਘ ਨੇ ਪੰਜ ਪਿਆਰੇ ਸਾਹਿਬਾਨ, ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਕੰਗ, ਮੀਤ ਸਕੱਤਰ ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਜਸਬੀਰ ਸਿੰਘ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਨੇ ਸ਼ਰਧਾ ਨਾਲ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ। ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਪ੍ਰਤੀ ਸਤਿਕਾਰ ਭੇਟ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਕੰਗ, ਮੀਤ ਸਕੱਤਰ ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਜਸਬੀਰ ਸਿੰਘ, ਰਾਜਿਸਥਾਨ ਸਿੱਖ ਮਿਸ਼ਨ ਦੇ ਇੰਚਾਰਜ ਭਾਈ ਜਰਨੈਲ ਸਿੰਘ, ਸਿੱਖ ਮਿਸ਼ਨ ਮੱਧ ਪ੍ਰਦੇਸ਼ ਦੇ ਇੰਚਾਰਜ ਸ. ਬਲਦੇਵ ਸਿੰਘ, ਸੁਪਰਵਾਈਜ਼ਰ ਸ. ਦਰਸ਼ਨ ਸਿੰਘ, ਸ. ਭੁਪਿੰਦਰ ਸਿੰਘ, ਸ. ਮੋਹਨਦੀਪ ਸਿੰਘ, ਸ. ਮਿਲਖਾ ਸਿੰਘ, ਸ. ਹਰਪ੍ਰੀਤ ਸਿੰਘ ਜੰਡਿਆਲਾ, ਮੀਤ ਮੈਨੇਜਰ ਸ. ਅਮਰਜੀਤ ਸਿੰਘ, ਸ. ਜਗਦੀਪ ਸਿੰਘ ਮਾਛੀਨੰਗਲ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ**

### ਤਿਹਾੜ ਜੇਲ੍ਹ ਦੇ ਬਾਹਰ ਬੰਦੀ ਸਿੰਘਾਂ ਦੀ ਰਿਹਾਈ ਲਈ ਅਰਦਾਸ, ਬੰਦੀ ਸਿੰਘਾਂ ਨੂੰ ਤੁਰੰਤ ਰਿਹਾ ਕਰਣ ਦੀ ਕੀਤੀ ਮੰਗ

# ਬੰਦੀ ਸਿੰਘਾਂ ਨੂੰ ਰਿਹਾ ਨਹੀਂ ਕਰਨ ਦੇ ਫੈਸਲੇ ਨੂੰ ਸਰਕਾਰ ਨੂੰ ਬਦਲਣਾ ਪਵੇਗਾ : ਸਰਨਾ



**ਨਵੀਂ ਦਿੱਲੀ 22 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਦੀਆਂ ਸਮੂਹ ਪੰਥਕ ਜਥੇਬੰਦੀਆਂ ਦੇ ਇਨਸਾਫ਼ ਪਸੰਦ ਸਿੱਖਾਂ ਵੱਲੋਂ ਬੰਦੀ ਛੋੜ ਦਿਹਾੜੇ ਮੌਕੇ ਤਿਹਾੜ ਜੇਲ੍ਹ ਦੇ ਬਾਹਰ ਬੰਦੀ ਸਿੰਘਾਂ ਦੀ ਰਿਹਾਈ ਲਈ ਸੰਗਤੀ ਅਰਦਾਸ ਕੀਤੀ ਗਈ। ਸੰਗਤਾਂ ਵੱਲੋਂ ਗੁਰੂ ਜਸ ਗਾਇਨ ਕਰਨ ਉਪਰੰਤ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਚਰਨਾਂ ਵਿਚ ਬੰਦੀ ਸਿੰਘਾਂ ਦੀ ਰਿਹਾਈ ਲਈ ਅਰਦਾਸ ਹੋਈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ, ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਅਤੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀਕੇ ਨੇ ਬੰਦੀ ਸਿੰਘਾਂ ਦੀ ਰਿਹਾਈ 'ਚ ਹੋ ਰਹੀ ਦੇਰੀ ਲਈ ਸਰਕਾਰਾਂ ਦੇ ਦੂਹਰੇ ਮਾਪਦੰਡਾਂ ਉਤੇ ਸਵਾਲ ਚੁੱਕੇ। ਸਰਨਾ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਸੰਸਦ ਅੰਦਰ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਰਿਹਾਈ ਦੀ ਗੱਲ ਉਤੇ ਉਨ੍ਹਾਂ ਵੱਲੋਂ ਮੁਆਫੀ ਨਹੀਂ ਮੰਗਣ ਦੇ ਦਿੱਤੇ ਹਵਾਲੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਬੰਦੀ ਸਿੰਘਾਂ ਵੱਲੋਂ ਆਪਣੇ ਕੀਤੇ ਉਤੇ ਮੁਆਫੀ ਮੰਗਣ ਦਾ ਸਵਾਲ ਹੀ ਨਹੀਂ ਬਣਦਾ। ਕਿਉਂਕਿ ਉਹ ਸਿੱਖ ਹੀ ਨਹੀਂ ਜਿਹੜਾ ਕੌਮੀ ਫਰਜ਼ਾਂ ਨੂੰ ਨਿਭਾਉਣ ਦੀ ਮੁਆਫੀ ਮੰਗੇ। ਅਸੀਂ (ਸਿੱਖਾਂ) ਕੀ ਕੀਤਾ ਹੈਂ ? ਉਹ (ਸਰਕਾਰਾਂ) ਕੀ ਕਰ ਰਹੇ ਹਨ ? ਸਰਨਾ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਸਿੱਖਾਂ ਨਾਲ ਜਿਆਦਤੀ ਕਰਕੇ ਮੁਲਕ ਉਥੇ ਨਹੀਂ ਪਹੁੰਚ ਪਾਵੇਗਾ, ਜਿੱਥੇ ਪੁੱਜਣਾ ਚਾਹੀਦਾ ਹੈ। ਅੱਜ ਹਰ ਮੁਲਕ ਸਾਨੂੰ ਧਮਕੀ ਦਿੰਦੇ ਅੱਖਾਂ ਵਿਖਾ ਰਹੇ ਹਨ। ਕਿਉਂਕਿ ਉਨ੍ਹਾਂ ਨੂੰ ਪਤਾ ਹੈ ਕਿ ਸਿੱਖ ਸਰਕਾਰਾਂ ਤੋਂ ਨਰਾਜ਼ ਹਨ। ਉਨ੍ਹਾਂ ਧਮਕੀ ਦੇਣ ਵਾਲੇ ਮੁਲਕਾਂ ਵਿੱਚ ਪਾਕਿਸਤਾਨ ਵੀ ਸ਼ਾਮਲ ਹੈ। ਸਰਕਾਰ ਨੂੰ ਬੰਦੀ ਸਿੰਘਾਂ ਨੂੰ ਰਿਹਾ ਨਹੀਂ ਕਰਨ ਦੇ ਲਏ ਆਪਣੇ ਫੈਸਲੇ ਨੂੰ ਬਦਲਣਾ ਪਵੇਗਾ, ਇਹ ਕੋਈ ਕੁਰਾਨ ਦੀ ਆਇਤ ਨਹੀਂ ਹੈ, ਜੋਂ ਬਦਲੀ ਨਹੀਂ ਜਾ ਸਕਦੀ। ਪਰ ਬੰਦੀ ਸਿੰਘਾਂ ਲਈ ਇਹ ਦੂਹਰੇ ਮਾਪਦੰਡ ਬਦਲਣੇ ਜ਼ਰੂਰੀ ਹਨ। ਜੀਕੇ ਨੇ ਕਿਹਾ ਕਿ 30-32 ਸਾਲ ਦੀ ਸਜ਼ਾਵਾਂ ਕੱਟਣ ਦੇ ਬਾਵਜੂਦ ਬੰਦੀ ਸਿੰਘਾਂ ਨੂੰ ਨਹੀਂ ਛੱਡਿਆ ਜਾ ਰਿਹਾ। ਇਕ ਪਾਸੇ ਦੇਸ਼ 'ਚ ਕੇਰਲਾ ਫਾਈਲ ਤੇ ਕਸ਼ਮੀਰ ਫਾਈਲ ਵਰਗੀਆਂ ਏਜੰਡਾ ਫਿਲਮਾਂ ਦਿਖਾਈਆਂ ਜਾ ਰਹੀਆਂ ਹਨ। ਪਰ ਦੂਜੇ ਪਾਸੇ ਮਨੁੱਖੀ ਅਧਿਕਾਰ ਕਾਰਕੁੰਨ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਉਤੇ ਦਲਜੀਤ ਦੀ ਬਣੀ ਫਿਲਮ ਨੂੰ ਸੈਂਸਰ ਬੋਰਡ ਵੱਲੋਂ 100 ਤੋ ਵੱਧ ਕਟ ਲਗਾਉਣ ਦੇ ਬਾਵਜੂਦ ਹਿੰਦੁਸਤਾਨ ਵਿੱਚ ਰਿਲੀਜ਼ ਨਹੀਂ ਹੋਣ ਦਿੱਤਾ ਗਿਆ। ਇਹ ਸਰਕਾਰ ਦੇ ਦੂਹਰੇ ਕਾਨੂੰਨ ਅਤੇ ਦੂਹਰੇ ਮਾਪਦੰਡ ਹਨ। ਸਰਕਾਰ ਨੂੰ ਸਿੱਖਾਂ ਨੂੰ ਇਨਸਾਫ ਦੇਣ ਵੇਲੇ ਇਸ ਤਰ੍ਹਾਂ ਭਜਣਾ ਨਹੀਂ ਚਾਹੀਦਾ। ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਜਹਾਂਗੀਰ ਦੀ ਕੈਦ 'ਛ ਬੰਦ ਹੋਣ ਵੇਲੇ ਗਵਾਲੀਅਰ ਕਿਲ੍ਹੇ ਦੇ ਬਾਹਰ ਬਾਬਾ ਬੁੱਢਾ ਜੀ ਵੱਲੋਂ ਸ਼ਬਦ ਚੌਕੀ ਦੀ ਸ਼ੁਰੂ ਕੀਤੀ ਗਈ ਪਿਰਤ ਉਤੇ ਚਲਦੇ ਹੋਏ ਅਸੀਂ ਅੱਜ ਫਿਰ ਤੋਂ ਜੇਲ੍ਹ ਦੇ ਬਾਹਰ ਸ਼ਬਦ ਚੌਕੀ ਉਪਰੰਤ ਗੁਰੂ ਸਾਹਿਬ ਅੱਗੇ ਅਰਦਾਸ ਕੀਤੀ ਹੈ। ਤਾਂਕਿ ਗੂੰਗੀ-ਬੋਲੀ ਸਰਕਾਰ ਦੇ ਕੰਨਾਂ 'ਚ ਬੰਦੀ ਸਿੰਘਾਂ ਦੀ ਰਿਹਾਈ ਦੀ ਅਵਾਜ਼ ਜਾਵੇਂ ਅਤੇ ਮੁਲਕ ਦੇ ਕਾਨੂੰਨ ਦੇ ਹਿਸਾਬ ਨਾਲ ਬੰਦੀ ਸਿੰਘਾਂ ਨਾਲ ਫੈਸਲੇ ਹੋਣ। ਮਨੁੱਖੀ ਅਧਿਕਾਰ ਕਾਰਕੁੰਨ ਡਾਕਟਰ ਪਰਮਿੰਦਰ ਪਾਲ ਸਿੰਘ ਨੇ ਸਟੇਜ ਸਕੱਤਰ ਦੀ ਸੇਵਾ ਨਿਭਾਉਂਦੇ ਹੋਏ ਭਾਈ ਦਵਿੰਦਰ ਪਾਲ ਸਿੰਘ ਭੁੱਲਰ ਦੀ ਰਿਹਾਈ ਬਾਰੇ ਫੈਸਲਾ ਲੈਣ ਲਈ ਦਿੱਲੀ ਹਾਈਕੋਰਟ ਵੱਲੋਂ 15 ਅਕਤੂਬਰ 2025 ਨੂੰ ਦਿੱਲੀ ਸਰਕਾਰ ਨੂੰ ਜਾਰੀ ਕੀਤੀ ਗਈ ਹਿਦਾਇਤ ਦੀ ਜਾਣਕਾਰੀ ਦਿੱਤੀ। ਡਾਕਟਰ ਪਰਮਿੰਦਰ ਪਾਲ ਸਿੰਘ ਨੇ ਦੱਸਿਆ ਕਿ ਦਿੱਲੀ ਸਰਕਾਰ ਦਾ 'ਸਜ਼ਾ ਸਮੀਖਿਆ ਬੋਰਡ' ਭਾਈ ਦਵਿੰਦਰ ਪਾਲ ਸਿੰਘ ਭੁੱਲਰ ਦੀ ਰਿਹਾਈ ਦੀ ਅਰਜ਼ੀ ਨੂੰ ਪਹਿਲਾਂ ਵੀ ਚਾਰ ਵਾਰ ਠੁਕਰਾ ਚੁਕਿਆ ਹੈ। ਇਸ ਕਰਕੇ ਹੁਣ ਦਿੱਲੀ ਹਾਈਕੋਰਟ ਨੇ ਇੱਕ ਵਾਰ ਫਿਰ ਤੋਂ ਸਜ਼ਾ ਸਮੀਖਿਆ ਬੋਰਡ ਨੂੰ ਮੀਟਿੰਗ ਕਰਕੇ ਇਸ ਬਾਰੇ ਫੈਸਲਾ ਲੈਣ ਲਈ ਕਿਹਾ ਹੈ। ਇਸੇ ਤਰ੍ਹਾਂ ਸੁਪਰੀਮ ਕੋਰਟ ਨੇ ਵੀ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲਣ ਲਈ ਕੇਂਦਰ ਸਰਕਾਰ ਨੂੰ ਹਿਦਾਇਤਾਂ ਜਾਰੀ ਕੀਤੀਆਂ ਹਨ। ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਜੋਂ ਕਿ ਜੇਲ੍ਹ ਮੰਤਰੀ ਹੋਣ ਦੇ ਨਾਤੇ ਸਜ਼ਾ ਸਮੀਖਿਆ ਬੋਰਡ ਦੀ ਚੇਅਰਪਰਸਨ ਹਨ, ਉਨ੍ਹਾਂ ਨੂੰ ਤੁਰੰਤ ਮੀਟਿੰਗ ਬੁਲਾ ਕੇ ਭਾਈ ਦਵਿੰਦਰ ਪਾਲ ਸਿੰਘ ਭੁੱਲਰ ਦੀ ਰਿਹਾਈ ਦਾ ਐਲਾਨ ਕਰਨਾ ਚਾਹੀਦਾ ਹੈ। ਕਿਉਂਕਿ ਇਸ ਵੇਲੇ ਉਨ੍ਹਾਂ ਦੀ ਵਜ਼ਾਰਤ 'ਚ ਸਿੱਖ ਮੰਤਰੀ ਵੀ ਮੌਜੂਦ ਹੈ। ਇਸ ਮੌਕੇ ਦਿੱਲੀ ਕਮੇਟੀ ਦੇ ਕਈ ਮੈਂਬਰਾਂ ਸਣੇ ਸਿੰਘ ਸਭਾਵਾਂ ਦੇ ਅਹੁਦੇਦਾਰ, ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੀ ਧਰਮਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰਜੀ, ਗਤਕਾ ਅਖਾੜੇ ਦੇ ਮੈਂਬਰਾਂ ਸਣੇ ਸੈਂਕੜੇ ਗੁਰਸਿੱਖ ਪੰਥਦਰਦੀਆਂ ਨੇ ਅਰਦਾਸ 'ਚ ਹਾਜ਼ਰੀ ਭਰੀ।

**ਮੁਲਕ ਦੇ ਕਾਨੂੰਨ ਦੇ ਹਿਸਾਬ ਨਾਲ ਬੰਦੀ ਸਿੰਘਾਂ ਨਾਲ ਫੈਸਲੇ ਹੋਣ: ਜੀਕੇ**

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ 29ਵਾਂ ਸੰਤ ਮਹਿਰਮਦਾਸ ਜੀ ਭੰਡਾਰਾ ਅਤੇ ਬੰਦੀ ਛੋੜ ਦਿਵਸ ਤੇ ਮਹਾਨ ਸੰਤ ਸਮਾਗਮ ਬੜੀ ਸ਼ਰਧਾ ਨਾਲ ਕਰਵਾਇਆ ਗਿਆ—ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਤੇ ਸੰਗਤਾਂ ਨੇ ਭਰੀ ਹਾਜ਼ਰੀ




**ਫ਼ਿਰੋਜ਼ਪੁਰ, 22 ਅਕਤੂਬਰ (ਮਨੋਹਰ ਲਾਲ) :—** ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ 29ਵਾਂ ਸੰਤ ਮਹਿਰਮ ਦਾਸ ਜੀ ਭੰਡਾਰਾ ਅਤੇ ਬੰਦੀ ਛੋੜ ਦਿਵਸ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਮਹਾਨ ਸੰਤ ਸਮਾਗਮ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਅਤੇ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਵੀਸ਼ਰੀ ਅਤੇ ਕਥਾਵਾਚਕ ਜਥਿਆਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਗਿਆਨੀ ਸੁਖਦੇਵ ਸਿੰਘ ਬਾਉਲੀ ਸਾਹਿਬ ਡੱਲਾ, ਸੰਤ ਬਾਬਾ ਮਨਮੋਹਨ ਸਿੰਘ ਬਾਰਨ ਪਟਿਆਲੇ ਵਾਲੇ, ਬਾਬਾ ਵੀਰ ਸਿੰਘ ਪੰਜ ਗਰਾਂਈ ਵਾਲੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਧਾਰਮਿਕ ਸਖਸ਼ੀਅਤਾਂ, ਰਾਜਨੀਤਕ ਸਖਸ਼ੀਅਤਾਂ, ਨਿਹੰਗ ਸਿੰਘ ਜਥੇਬੰਦੀਆਂ ਅਤੇ ਸਿੱਖ ਜਥੇਬੰਦੀਆਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਬਾਬਾ ਹਰਭਜਨ ਸਿੰਘ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ, ਬਾਬਾ ਸੁਖਦੇਵ ਸਿੰਘ ਖਾਲਸਾ ਬੁੱਕਣ ਖਾਂ ਵਾਲੇ ਦਮਦਮੀ ਟਕਸਾਲ ਵਿਦਿਆਲਾ, ਬਾਬਾ ਸਤਨਾਮ ਸਿੰਘ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ ਇੰਟਰਨੈਸ਼ਨਲ ਪੰਥਕ ਦਲ, ਭਾਈ ਜ਼ੋਗਿੰਦਰ ਸਿੰਘ ਮੀਤ ਪ੍ਰਧਾਨ ਧਾਰਮਿਕ ਵਿੰਗ ਇੰਟਰਨੈਸ਼ਨਲ ਪੰਥਕ ਦਲ, ਭਾਈ ਮਲਕੀਤ ਸਿੰਘ ਜ਼ਿਲ੍ਹਾ ਪ੍ਰਧਾਨ ਧਾਰਮਿਕ ਵਿੰਗ ਜ਼ਿਲ੍ਹਾ ਫ਼ਿਰੋਜ਼ਪੁਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂ ਹਾਜ਼ਰ ਹੋਏ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਸਮੂਹ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਦਾ ਰਾਗੀ, ਕਥਾਵਾਚਕ ਜਥਿਆਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ 27 ਅਕਤੂਬਰ ਦਿਨ ਸੋਮਵਾਰ ਨੂੰ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਤੋਂ ਇਕ ਵਿਸ਼ਾਲ ਮਹਾਨ ਨਗਰ ਕੀਰਤਨ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਤਾਬਦੀ ਤੇ ਇੰਟਰਨੈਸ਼ਨਲ ਪੰਥਕ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜ਼ਸਵੀਰ ਸਿੰਘ ਖਾਲਸਾ ਜੀ ਦੀ ਸਰਪ੍ਰਸਤੀ ਹੇਠ ਸਜਾਇਆ ਜਾ ਰਿਹਾ ਹੈ, ਜਿਨ੍ਹਾਂ ਨੇ ਪੰਜਾਬ ਭਰ ਤੋਂ 40 ਵਿਸ਼ਾਲ ਨਗਰ ਕੀਰਤਨ ਸਜਾਏ ਜਾਣਗੇ। ਬਾਬਾ ਜੀ ਨੇ ਸਮੂਹ ਸੰਗਤ ਨੂੰ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਨਗਰ ਕੀਰਤਨ ਵਿਚ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਤੇ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਭਾਈ ਹਰਜੀਤ ਸਿੰਘ ਤੂਤ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕੇ ਲੰਗਰ ਵਿਚ ਮਾਲ ਪੂੜੇ ਅਤੇ ਹੋਰ ਲੰਗਰ ਵਰਤਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

## ਦੀਵਾਲੀ ਦੇ ਸ਼ੁਭ ਦਿਹਾੜੇ ਤੇ ਰੋਟਰੀ ਕਲੱਬ ਵਿਚ ਕਰਵਾਏ ਸਮਾਗਮ



**ਫ਼ਿਰੋਜ਼ਪੁਰ, 22 ਅਕਤੂਬਰ (ਮਨੋਹਰ ਲਾਲ) :—** ਦੀਵਾਲੀ ਦੇ ਸ਼ੁਭ ਦਿਹਾੜੇ ਨੂੰ ਲੈ ਕੇ ਜਿਥੇ ਦੇਸ਼ ਭਰ ਵਿਚ ਦੇਸ਼ ਵਾਸੀਆਂ ਵੱਲੋਂ ਦੀਵਾਲੀ ਮਨਾਈ ਗਈ, ਉਥੇ ਨਿਵੇਕਲੇ ਢੰਗ ਨਾਲ ਦੀਵਾਲੀ ਮਨਾਉਂਦਿਆਂ ਰੋਟਰੀ ਕਲੱਬ ਫ਼ਿਰੋਜ਼ਪੁਰ ਵੱਲੋਂ ਰੋਟਰੀ ਕਲੱਬ ਵਿਖੇ ਕਰਵਾਏ ਸਮਾਰੋਹ ਦੌਰਾਨ ਇਕ-ਦੂਜੇ ਨੂੰ ਵਧਾਈਆਂ ਦਿੱਤੀਆਂ ਗਈਆਂ ਅਤੇ ਸਮੂਹ ਲੋਕਾਈ ਦੀ ਤਰੱਕੀ-ਖੁਸ਼ਹਾਲੀ ਦੀ ਕਾਮਨਾ ਕੀਤੀ ਗਈ। ਇਸ ਸਮਾਰੋਹ ਦੀ ਅਗਵਾਈ ਪ੍ਰਧਾਨ ਕਿਰਪਾਲ ਸਿੰਘ ਮੱਕੜ ਵੱਲੋਂ ਕੀਤੀ ਗਈ, ਜਿਥੇ ਹਾਜ਼ਰ ਹੋਏ ਮੈਂਬਰਾਂ ਨੂੰ ਜੀ ਆਇਆ ਆਖਦੇ ਹੋਏ ਦੀਵਾਲੀ ਦੀਆਂ ਸ਼ੁਭ ਕਾਮਨਾਵਾਂ ਦਿੱਤੀਆਂ ਗਈਆਂ। ਪ੍ਰੋਜੈਕਟ ਚੇਅਰਮੈਨ ਸੁਰਿੰਦਰ ਸਚਦੇਵਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਰੋਟਰੀ ਪਰਿਵਾਰ ਦੀ ਇਹ ਮਿਲਣੀ ਸਿਰਫ ਖੁਸ਼ੀਆਂ ਹੀ ਨਹੀਂ ਸਗੋਂ ਭਾਈਚਾਰੇ ਵਿਚਲੇ ਪ੍ਰੇਮ ਤੇ ਏਕਤਾ ਦਾ ਪ੍ਰਤੀਕ ਹੈ। ਇਸ ਸਮਾਰੋਹ ਵਿਚ 5 ਆਏ ਨਵੇਂ ਮੈਂਬਰਾਂ ਦਾ ਵੀ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਰੋਟਰੀ ਇੰਟਰਨੈਸ਼ਨਲ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਗਈ। ਅਖੀਰ ਵਿਚ ਪ੍ਰਧਾਨ ਕਿਰਪਾਲ ਸਿੰਘ ਨੇ ਹਾਜ਼ਰ ਸਮੂਹ ਮੈਂਬਰਾਂ ਨੂੰ ਦੀਵਾਲੀ ਗਿਫਟ ਨਾਲ ਸਨਮਾਨਿਤ ਕੀਤਾ ਅਤੇ ਧੂੰਆ ਰਹਿਤ ਦੀਵਾਲੀ ਮਨਾਉਣ ਦੀ ਅਪੀਲ ਕੀਤੀ ਤੇ ਸਭ ਦਾ ਸਮਾਰੋਹ ਵਿਚ ਆਉਣ ਤੇ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਾਂਤੀ ਅਤੇ ਭਾਈਚਾਰਕ ਸਾਂਝ ਕਾਇਮ ਰੱਖਣ 'ਚ ਪੰਜਾਬ ਪੁਲਿਸ ਦਾ ਯੋਗਦਾਨ ਬੇਮਿਸਾਲ - ਐਸ.ਐਸ.ਪੀ ਸੰਦੀਪ ਕੁਮਾਰ ਮਲਿਕ

## 66ਵੇਂ ਪੁਲਿਸ ਯਾਦਗਾਰੀ ਦਿਵਸ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ






**ਦੱਸਿਆ ਕਿ ਸਤੰਬਰ 1981 ਤੋਂ ਲੈ ਕੇ ਹੁਣ ਤੱਕ ਪੰਜਾਬ ਪੁਲਿਸ ਨੇ ਡਿਊਟੀ ਦੌਰਾਨ 1,802 ਅਧਿਕਾਰੀਆਂ ਦਾ ਬਲੀਦਾਨ ਦਿੱਤਾ ਹੈ, ਜਿਸ ਵਿਚ ਇਕੱਲੇ....**

**ਹੁਸ਼ਿਆਰਪੁਰ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਬਹਾਦਰ ਪੁਲਿਸ ਮੁਲਾਜ਼ਮਾਂ ਦੇ ਸਨਮਾਨ ਵਿਚ ਬੀਤੇ ਦਿਨ ਪੁਲਿਸ ਲਾਈਨ ਹੁਸ਼ਿਆਰਪੁਰ ਵਿਖੇ 66ਵਾਂ ਪੁਲਿਸ ਯਾਦਗਾਰੀ ਦਿਵਸ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਐਸ.ਐਸ.ਪੀ ਹੁਸ਼ਿਆਰਪੁਰ ਸੰਦੀਪ ਕੁਮਾਰ ਮਲਿਕ ਨੇ ਸ਼ਰਧਾਂਜਲੀ ਸਮਾਗਮ ਦੌਰਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਪੰਜਾਬ ਪੁਲਿਸ ਨੂੰ ਇਕ ਬੇਮਿਸਾਲ ਫੋਰਸ ਦੱਸਿਆ, ਜਿਸ ਨੇ ਸ਼ਾਂਤੀ ਅਤੇ ਸੰਕਟ ਦੋਵਾਂ ਦੌਰਾਨ ਬੇਜੋੜ ਸਮਰਪਣ ਨਾਲ ਦੇਸ਼ ਦੀ ਸੇਵਾ ਕੀਤੀ। ਉਨ੍ਹਾਂ ਦੱਸਿਆ ਕਿ ਸਤੰਬਰ 1981 ਤੋਂ ਲੈ ਕੇ ਹੁਣ ਤੱਕ ਪੰਜਾਬ ਪੁਲਿਸ ਨੇ ਡਿਊਟੀ ਦੌਰਾਨ 1,802 ਅਧਿਕਾਰੀਆਂ ਦਾ ਬਲੀਦਾਨ ਦਿੱਤਾ ਹੈ, ਜਿਸ ਵਿਚ ਇਕੱਲੇ ਇਸ ਸਾਲ ਦੇ ਹੀ ਤਿੰਨ ਪੁਲਿਸ ਕਰਮਚਾਰੀ ਸ਼ਾਮਿਲ ਹਨ। ਪੁਲਿਸ ਸ਼ਹੀਦ ਸਮਾਰਕ 'ਤੇ ਸ਼ਰਧਾਂਜਲੀ ਭੇਟ ਕਰਨ ਉਪਰੰਤ ਸੰਬੋਧਨ ਕਰਦਿਆਂ ਐਸ.ਐਸ.ਪੀ ਮਲਿਕ ਨੇ ਕਿਹਾ ਕਿ ਇਨ੍ਹਾਂ ਸ਼ਹੀਦਾਂ ਕਾਰਨ ਹੀ ਅੱਜ ਅਸੀਂ ਚੈਨ ਦੀ ਨੀਂਦ ਸੌਂ ਰਹੇ ਹਾਂ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਦੀ ਬਹਾਦਰੀ, ਹਿੰਮਤ ਅਤੇ ਅੱਤਵਾਦ ਨੂੰ ਜੜ੍ਹੋਂ ਪੁੱਟ ਸੁੱਟਣ ਦੀ ਵਚਨਬੱਧਤਾ ਦੀ ਮਾਣਮੱਤੀ ਵਿਰਾਸਤ ਹੈ ਅਤੇ ਸੂਬੇ ਵਿਚ ਸ਼ਾਂਤੀ ਅਤੇ ਭਾਈਚਾਰਕ ਸਾਂਝ ਕਾਇਮ ਰੱਖਣ 'ਚ ਪੰਜਾਬ ਪੁਲਿਸ ਦਾ ਯੋਗਦਾਨ ਬੇਮਿਸਾਲ ਹੈ। ਇਸ ਦੌਰਾਨ ਪੁਲਿਸ ਸ਼ਹੀਦਾਂ ਦੇ ਸਮਾਰਕ ਵਿਖੇ ਯਾਦਗਾਰੀ ਪਰੇਡ ਹੋਈ, ਜਿਥੇ ਪੁਲਿਸ ਸ਼ਹੀਦਾਂ ਦੇ ਨਾਮ ਪੜ੍ਹੇ ਗਏ, ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਸਨਮਾਨ ਕੀਤਾ ਗਿਆ। ਸਮਾਗਮ ਤੋਂ ਬਾਅਦ ਐਸ.ਐਸ.ਪੀ ਸੰਦੀਪ ਕੁਮਾਰ ਮਲਿਕ ਨੇ ਪੁਲਿਸ ਸ਼ਹੀਦਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ, ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਉਨ੍ਹਾਂ ਨੂੰ ਪੰਜਾਬ ਸਰਕਾਰ ਅਤੇ ਪੁਲਿਸ ਵਿਭਾਗ ਵੱਲੋਂ ਨਿਰੰਤਰ ਸਹਿਯੋਗ ਦਾ ਭਰੋਸਾ ਦਿੱਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ ਤੋਂ ਇਲਾਵਾ ਜ਼ਿਲ੍ਹੇ ਦੇ ਸਮੂਹ ਪੁਲਿਸ ਅਧਿਕਾਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਦੁਬਈ ਪਹੁੰਚੇ ਮਹੰਤ ਰਾਜੀਵ ਲੋਚਨ ਦਾਸ ਚਿੱਤਰਕੂਟ ਧਾਮ ਤੇ ਮਹੰਤ ਆਸ਼ੀਸ਼ ਦਾਸ ਜੱਬਲਪੁਰ ਦਾ

# ਡਾ. ਜੋਗਿੰਦਰ ਸਿੰਘ ਸਲਾਰੀਆ ਵੱਲੋਂ ਸਵਾਗਤ




**ਪੰਜ ਰੋਜ਼ਾ ਸਮਾਜਿਕ ਸਦਭਾਵਨਾ ਯਾਤਰਾ ਰਾਹੀਂ ਸਨਾਤਨ ਏਕਤਾ ਤੇ ਵਿਸ਼ਵ ਸ਼ਾਂਤੀ ਦਾ ਸੰਦੇਸ਼ ਪ੍ਰਸਾਰਿਤ ਕਰਨਗੇ ਸੰਤ ਮਹਾਤਮਾ**

**ਅੰਮ੍ਰਿਤਸਰ/ਦੁਬਈ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**—ਵੈਸ਼ਣਵ ਪਰੰਪਰਾ ਦੇ ਅੰਤਰਰਾਸ਼ਟਰੀ ਪ੍ਰਵਚਨਕਾਰ ਤੇ ਪ੍ਰਸਿੱਧ ਸਮਾਜ ਸੁਧਾਰਕ ਮਹੰਤ ਰਾਜੀਵ ਲੋਚਨ ਦਾਸ ਜੀ ਮਹਾਰਾਜ ਚਿੱਤਰਕੂਟ ਧਾਮ, ਛੱਤੀਸਗੜ੍ਹ ਅਤੇ ਰਾਮਾਨੰਦੀ ਸ਼੍ਰੀ ਵੈਸ਼ਣਵ ਸੰਪਰਦਾ ਦੇ ਪ੍ਰਤਿਸ਼ਠਤ ਸੰਤ ਮਹੰਤ ਆਸ਼ੀਸ਼ ਦਾਸ ਜੀ ਜੱਬਲਪੁਰ (ਮੱਧ ਪ੍ਰਦੇਸ਼) ਦੁਬਈ ਪਹੁੰਚ ਗਏ ਹਨ। ਉਨ੍ਹਾਂ ਦਾ ਦੁਬਈ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਅੰਤਰਰਾਸ਼ਟਰੀ ਸਮਾਜ ਸੇਵੀ ਸੰਸਥਾ 'ਪੀਸੀਟੀ ਹਿਊਮੈਨਿਟੀ' ਦੇ ਸੰਸਥਾਪਕ ਡਾ. ਜੋਗਿੰਦਰ ਸਿੰਘ ਸਲਾਰੀਆ ਵੱਲੋਂ ਜੀ ਆਇਆ ਕਹਿੰਦਿਆਂ ਸਵਾਗਤ ਕੀਤਾ ਗਿਆ।

ਪ੍ਰੋ. ਸਰਚਾਂਦ ਸਿੰਘ ਖਿਆਲਾ ਅਨੁਸਾਰ ਇਹ ਦੋਵੇਂ ਮਹੰਤ ਯੂਏਈ ਵਿਚ ਆਯੋਜਿਤ ਪੰਜ ਰੋਜ਼ਾ 'ਸਮਾਜਿਕ ਸਦਭਾਵਨਾ ਯਾਤਰਾ' ਵਿਚ ਹਿੱਸਾ ਲੈਣ ਗਏ ਹਨ, ਜਿਸ ਦਾ ਮੁੱਖ ਉਦੇਸ਼ ਸੰਸਾਰ ਭਰ ਵਿਚ ਸਨਾਤਨ ਏਕਤਾ, ਭਾਈਚਾਰਕ ਸਾਂਝ ਅਤੇ ਵਿਸ਼ਵ ਸ਼ਾਂਤੀ ਦਾ ਸੰਦੇਸ਼ ਪਹੁੰਚਾਉਣਾ ਹੈ। ਦੁਬਈ ਵਿਚ ਧਾਰਮਿਕ ਸ਼ਖ਼ਸੀਅਤਾਂ ਦੀ ਮਹਿਮਾਨ ਨਿਵਾਜ਼ੀ ਕਰ ਰਹੇ ਡਾ. ਸਲਾਰੀਆ ਨੇ ਕਿਹਾ ਕਿ ਨੇ ਕਿਹਾ ਕਿ ਵਿਸ਼ਵ ਸ਼ਾਂਤੀ ਦਾ ਸੰਦੇਸ਼ ਦੇਣ ਆਏ ਸੰਤਾਂ ਅਤੇ ਅਜਿਹੇ ਸਮਾਗਮਾਂ ਦਾ ਆਯੋਜਨ ਸੰਸਾਰ ਵਿਚ ਭਾਈਚਾਰਕ ਸਾਂਝ ਦੀ ਮਜ਼ਬੂਤੀ ਅਤੇ ਧਾਰਮਿਕ ਸਦਭਾਵਨਾ ਦੇ ਸੁਨੇਹੇ ਨੂੰ ਮਜ਼ਬੂਤੀ ਦਿੰਦੇ ਹਨ। ਉਨ੍ਹਾਂ ਕਿਹਾ ਕਿ ਸੰਤਾਂ ਦਾ ਉਦੇਸ਼ ਹਰ ਧਰਮ ਅਤੇ ਸਮਾਜ ਵਿਚਕਾਰ ਪਿਆਰ, ਸ਼ਾਂਤੀ ਅਤੇ ਆਪਸੀ ਸਨਮਾਨ ਦੀ ਭਾਵਨਾ ਨੂੰ ਪ੍ਰਮੋਟ ਕਰਨਾ ਹੈ। ਉਨ੍ਹਾਂ ਕਿਹਾ ਕਿ ਮਹੰਤ ਰਾਜੀਵ ਲੋਚਨ ਦਾਸ ਜੀ ਮਹਾਰਾਜ ਇਕ ਆਦਰਯੋਗ ਧਾਰਮਿਕ ਆਗੂ, ਪ੍ਰਵਚਨਕਾਰ ਤੇ ਸਮਾਜ ਸੁਧਾਰਕ ਹਨ, ਅਤੇ ਮਹੰਤ ਆਸ਼ੀਸ਼ ਦਾਸ ਜੀ ਦੀ ਸਨਾਤਨ ਧਰਮ ਅਤੇ ਹਿੰਦੂ ਸਿੱਖ ਭਾਈਚਾਰਕ ਸਾਂਝ ਦੀ ਮਜ਼ਬੂਤੀ ਲਈ ਵੱਡੀ ਭੂਮਿਕਾ ਰਹੀ ਹੈ।

ਮਹੰਤ ਰਾਜੀਵ ਲੋਚਨ ਦਾਸ ਨੇ ਕਿਹਾ ਕਿ ਉਨ੍ਹਾਂ ਦੀ ਦੁਬਈ ਯਾਤਰਾ ਦਾ ਮਕਸਦ ਅੰਤਰਰਾਸ਼ਟਰੀ ਪੱਧਰ 'ਤੇ ਭਾਈਚਾਰੇ, ਧਾਰਮਿਕ ਏਕਤਾ ਅਤੇ ਮਨੁੱਖੀ ਕਦਰਾਂ ਕੀਮਤਾਂ ਨੂੰ ਮਜ਼ਬੂਤੀ ਪ੍ਰਦਾਨ ਕਰਨਾ ਹੈ। ਉਨ੍ਹਾਂ ਦੱਸਿਆ ਕਿ ਪੰਜ ਰੋਜ਼ਾ ਸਮਾਜਿਕ ਸਦਭਾਵਨਾ ਯਾਤਰਾ ਵਿਚ ਵਿਸ਼ਵ ਦੇ ਕਈ ਦੇਸ਼ਾਂ ਤੋਂ ਸਨਾਤਨ ਧਾਰਮਿਕ ਆਗੂ, ਸਮਾਜਸੇਵੀ ਤੇ ਪ੍ਰਵਾਸੀ ਭਾਰਤੀ ਸ਼ਿਰਕਤ ਕਰ ਰਹੇ ਹਨ। ਯਾਤਰਾ ਦੌਰਾਨ ਵਿਸ਼ੇਸ਼ ਤੌਰ 'ਤੇ ਸਨਾਤਨ ਸੰਸਕ੍ਰਿਤੀ ਦੇ ਵਿਸ਼ਵ ਪੱਧਰੀ ਸੰਦੇਸ਼ ਨੂੰ ਉਜਾਗਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ "ਧਰਮ ਦੀ ਰੱਖਿਆ, ਸਮਾਜਿਕ ਏਕਤਾ ਤੇ ਮਨੁੱਖਤਾ ਦੀ ਸੇਵਾ ਹੀ ਸੱਚੀ ਉਪਾਸਨਾ ਹੈ।" ਉਨ੍ਹਾਂ ਜੀਵਨ 'ਚ ਸੱਚ, ਸਾਦਗੀ, ਭਗਤੀ ਅਤੇ ਮਨੁੱਖਤਾ ਦੀ ਸੇਵਾ ਨੂੰ ਮੁੱਖ ਆਦਰਸ਼ ਮੰਨਣ ਲਈ ਪ੍ਰੇਰਨਾ ਦਿੱਤੀ। ਉਨ੍ਹਾਂ ਦੱਸਿਆ ਕਿ ਪਰਮਾਤਮਾ ਦਾ ਨਿਰੰਤਰ ਸਿਮਰਨ, ਬਿਨਾਂ ਕਿਸੇ ਰੁਕਾਵਟ ਦੇ, ਧਾਰਨਾ ਭਗਤੀ ਹੈ। ਪਰਮਾਤਮਾ ਦਾ ਸਿਮਰਨ ਸਹਿਜ ਹੋਣਾ ਚਾਹੀਦਾ ਹੈ, ਜਿਸ ਨਾਲ ਅਸੀਂ ਸੰਸਾਰਿਕ ਕੰਮਾਂ ਵਿੱਚ ਰੁੱਝੇ ਹੋਏ ਵੀ, ਪ੍ਰਵਿਰਤੀ ਦੁਆਰਾ ਉਸ ਨੂੰ ਲੱਭ ਸਕੀਏ। ਅੱਜ, ਸਾਨੂੰ ਕੁਦਰਤ ਵਿੱਚ ਪਰਮਾਤਮਾ ਨੂੰ ਦੇਖਣ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਸਾਨੂੰ ਕੁਦਰਤ ਨੂੰ ਪਰਮਾਤਮਾ ਵਜੋਂ ਵਿਚਾਰਨ, ਉਨ੍ਹਾਂ ਦੀ ਰੱਖਿਆ ਕਰਨ ਅਤੇ ਆਪਣੇ ਸੰਸਾਰਿਕ ਅਤੇ ਅਧਿਆਤਮਿਕ ਜੀਵਨ ਨੂੰ ਬਿਹਤਰ ਬਣਾਉਣ ਦੀ ਲੋੜ ਹੈ।

ਉਨ੍ਹਾਂ ਕਿਹਾ ਕਿ ਅੱਜ ਦੀ ਮਨੁੱਖਤਾ, ਚਕਾਚੌਂਧ ਵਾਲੇ ਭੌਤਿਕ ਸੰਸਾਰ ਤੋਂ ਪ੍ਰਭਾਵਿਤ ਹੋ ਕੇ, ਧਰਮ ਤੋਂ ਨਿਰਲੇਪ ਹੋ ਗਈ ਹੈ, ਭਾਰਤੀ ਸੱਭਿਆਚਾਰ ਦੀ ਬਜਾਏ ਪੱਛਮੀ ਸੱਭਿਆਚਾਰ ਦਾ ਸ਼ਿਕਾਰ ਹੋ ਗਈ ਹੈ, ਜੋ ਕਿ ਇਸ ਦੇ ਪਤਨ ਦਾ ਕਾਰਨ ਹੈ। ਅੱਜ, ਭਾਰਤ ਵਰਗੇ ਮਹਾਨ ਰਾਸ਼ਟਰ ਨੂੰ ਭਾਰਤੀ ਸੱਭਿਆਚਾਰ ਦੀ ਪੂਜਾ ਕਰਨ ਦੀ ਲੋੜ ਹੈ। ਆਪਣੇ ਅਸਲ ਰੂਪ ਵਿੱਚ, ਸ਼੍ਰੀਮਦ ਭਾਗਵਤ ਕਥਾ ਪਰਮਾਤਮਾ ਦਾ ਪ੍ਰਤੀਬਿੰਬ ਹੈ, ਜੋ ਪਾਪਾਂ ਅਤੇ ਦੁੱਖਾਂ ਨੂੰ ਖ਼ਤਮ ਕਰਦਾ ਹੈ ਅਤੇ ਖ਼ੁਸ਼ੀ, ਸ਼ਾਂਤੀ ਅਤੇ ਖ਼ੁਸ਼ਹਾਲੀ ਵੱਲ ਲੈ ਜਾਂਦਾ ਹੈ। ਭਾਗਵਤ ਕਥਾ ਦੇ ਚਿੰਤਨ ਨਾਲ ਸਰੀਰ ਵਿੱਚ ਊਰਜਾ ਦਾ ਪ੍ਰਵਾਹ ਹੁੰਦਾ ਹੈ। ਸਤਿਸੰਗ ਮਨੁੱਖੀ ਜੀਵਨ ਵਿੱਚ ਇੱਕ ਬਹੁਤ ਜ਼ਰੂਰੀ ਲੋੜ ਹੈ; ਸਤਿਸੰਗ ਤੋਂ ਬਿਨਾਂ, ਕੋਈ ਬੁੱਧੀ ਨਹੀਂ ਹੈ। ਸਤਿਸੰਗ ਤੋਂ ਬਿਨਾਂ, ਬੁੱਧੀ ਦਾ ਵਿਕਾਸ ਨਹੀਂ ਹੋ ਸਕਦਾ। ਜੀਵਨ ਵਿੱਚ ਧਾਰਮਿਕਤਾ ਪ੍ਰਾਪਤ ਕਰਨ ਲਈ, ਪਰਮਾਤਮਾ ਦੀਆਂ ਕਹਾਣੀਆਂ ਨੂੰ ਸੁਣਨਾ, ਸਮਝਣਾ ਅਤੇ ਆਪਣੇ ਜੀਵਨ ਵਿੱਚ ਲਾਗੂ ਕਰਨਾ ਬਹੁਤ ਜ਼ਰੂਰੀ ਹੈ। ਇਸ ਮੌਕੇ ਮਹੰਤ ਆਸ਼ੀਸ਼ ਦਾਸ ਜੀ ਜੱਬਲਪੁਰ ਨੇ ਕਿਹਾ ਕਿ ਸਤਿਸੰਗ ਅਤੇ ਪਰਮਾਤਮਾ ਦੀ ਯਾਦ ਪਾਪੀਆਂ ਅਤੇ ਦੁਸ਼ਟਾਂ ਨੂੰ ਵੀ ਲਾਭ ਪਹੁੰਚਾ ਸਕਦੀ ਹੈ। ਮਨੁੱਖੀ ਜੀਵਨ ਇੱਕ ਵਹਾਅ ਵਾਂਗ ਹੈ, ਜਿਸ ਵਿੱਚ ਲਹਿਰਾਂ ਅਤੇ ਲਹਿਰਾਂ ਦਿਖਾਈ ਦਿੰਦੀਆਂ ਹਨ; ਇਹ ਵਹਾਅ ਇੱਕ ਸਥਿਰ ਗਤੀ ਨਾਲ ਨਹੀਂ ਚਲਦਾ। ਜਦੋਂ ਇਸ ਨੂੰ ਅਧਿਆਤਮਿਕ ਚਿੰਤਨ ਨਾਲ ਜੋੜਿਆ ਜਾਂਦਾ ਹੈ, ਤਾਂ ਜੀਵਨ ਵਿੱਚ ਇੱਕ ਨਵੀਂ ਊਰਜਾ ਅਤੇ ਉਤਸ਼ਾਹ ਦਾ ਅਨੁਭਵ ਹੁੰਦਾ ਹੈ। ਮਨੁੱਖੀ ਜੀਵਨ ਦੀ ਉੱਨਤੀ ਲਈ ਪਰਮਾਤਮਾ ਦਾ ਚਿੰਤਨ ਜ਼ਰੂਰੀ ਹੈ। ਇਸ ਦੇ ਨਾਲ, ਇੱਕ ਵਿਅਕਤੀ ਲਈ ਸ਼ਰਧਾ, ਆਚਰਨ, ਚਰਿੱਤਰ ਅਤੇ ਸ਼ੁੱਧ ਵਿਚਾਰ ਹੋਣਾ ਬਹੁਤ ਜ਼ਰੂਰੀ ਹੈ। ਅਧਿਆਤਮਿਕ ਚਿੰਤਨ ਇੱਕ ਵਿਅਕਤੀ ਦੀ ਸ਼ਖ਼ਸੀਅਤ ਨੂੰ ਵਧਾਉਂਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਕੇਂਦਰ ਸਰਕਾਰ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾਂ ਸ਼ਹੀਦੀ ਸਾਕੇ ਮੌਕੇ ਬੰਦੀ ਸਿੰਘਾਂ ਨੂੰ ਕਰੇ ਰਿਹਾਅ: ਬੀਬੀ ਰਣਜੀਤ ਕੌਰ



**ਨਵੀਂ ਦਿੱਲੀ 22 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):** ਸਿੱਖ ਪੰਥ ਦੇ ਮੁਕੱਦਸ ਅਸਥਾਨ ਸ੍ਰੀ ਦਰਬਾਰ ਸਾਹਿਬ ਅਤੇ ਹੋਰ ਗੁਰਧਾਮਾਂ ਉਪਰ ਜੂਨ 1984 ਵਿਚ ਕਾਂਗਰਸ ਦੀ ਤੱਤਕਾਲੀ ਸਰਕਾਰ ਵਲੋਂ ਕੀਤੇ ਗਏ ਫੌਜੀ ਹਮਲੇ ਨੇ ਪੰਥ ਵਿਚ ਗੁੱਸੇ ਅਤੇ ਰੋਸ ਦੀ ਲਹਿਰ ਫੈਲਾ ਦਿੱਤੀ ਸੀ ਜਿਸ ਨੂੰ ਨਾ ਸਹਾਰਦੇ ਹੋਏ ਵਡੀ ਗਿਣਤੀ ਵਿਚ ਨੌਜੁਆਨਾਂ ਨੇ ਬਗਾਵਤ ਕਰ ਦਿੱਤੀ ਸੀ। ਦਿੱਲੀ ਕਮੇਟੀ ਦੇ ਸੀਨੀਅਰ ਮੈਂਬਰ ਅਤੇ ਜੀਟੀਬੀਟੀ ਦੇ ਚੇਅਰਮੈਨ ਬੀਬੀ ਰਣਜੀਤ ਕੌਰ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਬਿਆਨ ਰਾਹੀਂ ਕਿਹਾ ਕਿ ਸਰਕਾਰ ਵਲੋਂ ਕੀਤੇ ਗਏ ਇਸ ਫੌਜੀ ਹਮਲੇ ਦੇ ਰੋਸ ਵਿਰੁੱਧ ਭਾਈ ਸਤਵੰਤ ਸਿੰਘ, ਭਾਈ ਬੇਅੰਤ ਸਿੰਘ ਅਤੇ ਭਾਈ ਕੇਹਰ ਸਿੰਘ ਨੇ ਤੱਤਕਾਲੀ ਪ੍ਰਧਾਨਮੰਤਰੀ ਨੂੰ ਆਪਣੇ ਹੱਥੀ ਸਜ਼ਾ ਦੇ ਕੇ ਸਿੱਖ ਪੰਥ ਦੀ ਮਰਿਆਦਾ ਨੂੰ ਕਾਇਮ ਰੱਖਿਆ ਸੀ। ਉਪਰੰਤ ਵਡੀ ਗਿਣਤੀ ਵਿਚ ਸਿੱਖ ਨੌਜੁਆਨਾਂ ਨੂੰ ਚੁੱਕ ਚੁੱਕ ਲਾਪਤਾ ਕਰ ਦਿੱਤਾ ਜਾ ਰਿਹਾ ਸੀ ਜਿਸ ਕਰਕੇ ਨੌਜੁਆਨਾਂ ਨੇ ਦੋਸ਼ੀਆਂ ਨੂੰ ਸੋਧੀਆ ਸੀ ਜਿਨ੍ਹਾਂ ਵਿਚ ਕੁਝ ਸਿੰਘ ਬੰਦੀ ਬਨਾਏ ਗਏ ਸਨ ਤੇ ਓਹ ਆਪਣੀ ਬਣਦੀ ਸਜ਼ਾ ਤੋਂ ਵੀਂ ਵੱਧ ਸਜ਼ਾ ਜੇਲ੍ਹਾਂ ਅੰਦਰ ਭੁਗਤ ਚੁੱਕੇ ਹਨ ਜਿਸ ਕਰਕੇ ਉਨ੍ਹਾਂ ਦੀ ਪੂਰੀ ਜੁਆਨੀ ਜੇਲ੍ਹਾਂ ਅੰਦਰ ਬਤੀਤ ਹੋ ਗਈ ਹੈ। ਸਾਡੀ ਸਰਕਾਰ ਨੂੰ ਅਪੀਲ ਹੈ ਕਿ ਸਿੱਖ ਪੰਥ ਦੀ ਇਕ ਵਡੀ ਮੰਗ ਇੰਨ੍ਹਾ ਬੰਦੀ ਸਿੰਘਾਂ ਨੂੰ ਰਿਹਾਅ ਕਰਣ ਦੀ ਹੈ ਤੇ ਅਸੀਂ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਸਿੱਖ ਪੰਥ ਦੇ ਨੌਵੇਂ ਪਾਤਸ਼ਾਹ ਗੁਰੂ ਤੇਗ ਬਹਾਦਰ ਸਾਹਿਬ ਅਤੇ ਉਨ੍ਹਾਂ ਦੇ ਅੰਨਿਨ ਸਿੱਖ ਭਾਈ ਸਤੀ ਦਾਸ ਜੀ, ਭਾਈ ਮਤੀਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾਂ ਸ਼ਹੀਦੀ ਸਾਕੇ ਮੌਕੇ ਇੰਨ੍ਹਾ ਨੂੰ ਵਾਪਿਸ ਮੁਖਧਾਰਾ ਅੰਦਰ ਲੈਕੇ ਆਉਣ ਲਈ ਇੰਨ੍ਹਾ ਦੀ ਰਿਹਾਈ ਨੂੰ ਸੰਭਵ ਬਣਾਇਆ ਜਾਏ ਤੇ ਇਹ ਕੇਂਦਰ ਵਲੋਂ ਗੁਰੂ ਸਾਹਿਬ ਜੀ ਦੇ ਸ਼ਹੀਦੀ ਸਾਕੇ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਪਰਮਜੀਤ ਸਿੰਘ ਮੰਡ ਦੇ ਪਿਤਾਜੀ ਦੇ ਅਕਾਲ ਚਲਾਣੇ ਉਪਰ ਗਹਿਰੇ ਦੁੱਖ ਦਾ ਪ੍ਰਗਟਾਵਾ: ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਕੇ ਇਕਾਈ



ਨਵੀਂ ਦਿੱਲੀ 22 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਦਲ ਖਾਲਸਾ ਦੇ ਕਾਰਜਕਾਰੀ ਪ੍ਰਧਾਨ ਭਾਈ ਪਰਮਜੀਤ ਸਿੰਘ ਮੰਡ ਦੇ ਪਿਤਾ ਜੀ ਸਰਦਾਰ ਗੁਰਦੇਵ ਸਿੰਘ ਜੀ ਪਿੰਡ ਮੰਡ ਕਸਬਾ ਸ਼੍ਰੀ ਹਰਗੋਬਿੰਦਪੁਰ ਸਾਹਿਬ (ਗੁਰਦਾਸਪੁਰ) ਅਕਾਲ ਪੁਰਖ ਵੱਲੋ ਬੱਖਸ਼ੇ ਸਵਾਸਾਂ ਦੀ ਪੂੰਜੀ ਭੋਗ ਕੇ ਅਕਾਲ ਚਲਾਣਾ ਕਰ ਗਏ ਦੇ ਪਰਿਵਾਰ ਨਾਲ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਕੇ ਇਕਾਈ ਦੇ ਪ੍ਰਧਾਨ ਭਾਈ ਸਰਬਜੀਤ ਸਿੰਘ, ਜਨਰਲ ਸਕੱਤਰ ਭਾਈ ਸਤਿੰਦਰ ਸਿੰਘ ਮੰਗੂਵਾਲ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਕਿਹਾ ਕਿ ਅਕਾਲ ਪੁਰਖ ਵਾਹਿਗੁਰੂ ਸ੍ਰ, ਗੁਰਦੇਵ ਸਿੰਘ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਬਖਸ਼ਣ। ਭਾਈ ਪਰਮਜੀਤ ਸਿੰਘ ਮੰਡ ਉਹ ਸਿੱਖ ਨੌਜਵਾਨ ਆਗੂ ਹੈ ਜੋ ਭਾਰਤੀ ਧਰਤੀ ਤੇ ਬੇਵਾਕੀ ਤੇ ਨਿਧੱੜਕ ਹੋ ਕੇ ਤੱਥਾਂ ਤੇ ਸਿਧਾਂਤਿਕ ਤੌਰਤੇ ਸਿੱਖ ਕੌਮ ਦੇ ਹੱਕਾਂ ਦੀ ਅਵਾਜ਼ ਬੁਲੰਦ ਕਰ ਰਹੇ ਹਨ ਅਸੀ ਪਰਿਵਾਰ ਨਾਲ ਹਮਦਰਦੀ ਜ਼ਾਹਰ ਕਰਦੇ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

# ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਬਜ਼ੁਰਗਾਂ ਅਤੇ ਬੱਚਿਆਂ ਨਾਲ ਸਾਂਝੀਆਂ ਕੀਤੀਆਂ ਦੀਵਾਲੀ ਦੀਆਂ ਖੁਸ਼ੀਆਂ

ਹੁਸ਼ਿਆਰਪੁਰ, 22 ਅਕਤੂਬਰ -ਦੀਵਾਲੀ ਦੇ ਪਵਿੱਤਰ ਤਿਉਹਾਰ ਸਬੰਧੀ ਅੱਜ ਰਾਮ ਕਲੋਨੀ ਕੈਂਪ ਸਥਿਤ ਬਿਰਧ ਆਸ਼ਰਮ ਅਤੇ ਆਬਜ਼ਰਵੇਸ਼ਨ ਹੋਮ ਵਿਖੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਇਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ -ਕਮ-ਪ੍ਰਧਾਨ ਰੈੱਡ ਕਰਾਸ ਸੁਸਾਇਟੀ ਆਸ਼ਿਕਾ ਜੈਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਉਥੇ ਮੌਜੂਦ ਬਜ਼ੁਰਗਾਂ ਅਤੇ ਬੱਚਿਆਂ ਨਾਲ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਪ੍ਰੋਗਰਾਮ ਦੌਰਾਨ ਡਿਪਟੀ ਕਮਿਸ਼ਨਰ ਨੇ ਬਜ਼ੁਰਗਾਂ ਅਤੇ ਬੱਚਿਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਮਠਿਆਈਆਂ, ਤੋਹਫੇ ਅਤੇ ਹੋਰ ਜ਼ਰੂਰੀ ਵਸਤਾਂ ਭੇਟ ਕੀਤੀਆਂ। ਉਨ੍ਹਾਂ ਕਿਹਾ ਕਿ ਦੀਵਾਲੀ ਦਾ ਅਸਲੀ ਅਰਥ ਕੇਵਲ ਘਰਾਂ ਨੂੰ ਰੌਸ਼ਨੀ ਨਾਲ ਸਜਾਉਣਾ ਨਹੀਂ ਬਲਕਿ ਲੋੜਵੰਦਾਂ ਦੇ ਜੀਵਨ ਵਿਚ ਵੀ ਉਜਾਲਾ ਫੈਲਾਉਣਾ ਹੈ। ਉਨ੍ਹਾਂ ਕਿਹਾ ਕਿ ਸਮਾਜ ਦੇ ਹਰੇਕ ਵਰਗ ਨੂੰ ਇਸ ਤਰ੍ਹਾਂ ਦੇ ਯਤਨਾਂ ਨਾਲ ਜੁੜਨਾ ਚਾਹੀਦਾ ਹੈ ਤਾਂ ਜੋ ਸਮਾਜਿਕ ਸਮਾਨਤਾ ਅਤੇ ਮਾਨਵੀ ਸੰਵੇਦਨਾਵਾਂ ਹੋਰ ਮਜ਼ਬੂਤ ਹੋਣ।




## ਜਨਮ ਦਿਨ ਮੁਬਾਰਕ

**ਰਿਸ਼ਮਪ੍ਰੀਤ ਕੌਰ**

ਪਿਤਾ - ਦਲਜੀਤ ਸਿੰਘ ਖਹਿਰਾ

ਮਾਤਾ - ਬਲਜਿੰਦਰ ਕੌਰ

ਪਿੰਡ - ਮਹਿਸਮਪੁਰ

ਆਵਾਜ਼ਿ ਕੌਮ AWAZE QAUM International Newspaper & WEB TV